ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ਨੀਵਾਰ, 07 ਸਤੰਬਰ 2024

**ਅੱਜ ਦਾ ਸ਼ੁਭ ਵਿਚਾਰ**



ਕੁੜੀਆਂ ਤੇ ਕਿਤਾਬਾਂ ਹਰ ਘਰ ਚ ਹੋਣੀਆਂ ਚਾਹੀਦੀਆਂ ਹਨ, ਇਨ੍ਹਾਂ ਦੋਹਾਂ ਤੋਂ ਬਿਨ੍ਹਾਂ ਬੰਦੇ ਨੂੰ ਅਕਲ ਨਹੀਂ ਆਉਂਦੀ

ਅਮਨਦੀਪ ਮਹਿਰਾ
ਰੋਜ਼ਾਨਾ ਲੋਕ ਬਾਣੀ
www.lokbani.com

R. N. I. Punpun/29016/2008 * ਸਾਲ 16 , * ਅੰਕ : 89, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫ਼ਤਰ : 0181-2211009 * M : 99155-94111

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

## ਕੀਨੀਆ ਚ ਵਾਪਰੀਆਂ ਭਿਆਨਕ ਹਾਦਸਾ 17 ਬੱਚਿਆਂ ਦੀ ਮੌਤ 13 ਝੁਲਸੇ

**ਕੀਨੀਆ, ਲੋਕ ਬਾਣੀ**--ਕੀਨੀਆ ਚ ਸਕੂਲ ਦੇ ਹੋਸਟਲ ਚ ਭਿਆਨਕ ਅੱਗ ਲੱਗਣ ਨਾਲ 17 ਬੱਚਿਆਂ ਦੀ ਸੜ ਕੇ ਮੌਤ ਹੋ ਗਈ ਤੇ 13 ਬੱਚੇ ਝੁਲਸੇ ਹਨ। ਨਯੇਰੀ ਚ ਐਂਡਰਾਸਾ ਅਕੈਡਮੀ ਹੋਸਟਲ ਚ 14 ਸਾਲ ਤਕ ਦੇ ਬੱਚਿਆਂ ਨੂੰ ਰੱਖਿਆ ਜਾਂਦਾ ਹੈ। ਸਿੱਖਿਆ ਮੰਤਰੀ ਨੇ ਦੱਸਿਆ ਕਿ ਇੱਥੇ 150 ਵਿਦਿਆਰਥੀ ਰਹਿ ਰਹੇ ਸਨ। ਇੱਥੇ ਜ਼ਿਆਦਾਤਰ ਘਰ ਲੱਕੜ ਦੇ ਬਣੇ ਹੋਏ ਹਨ ਜਿਸ ਕਾਰਨ ਅੱਗ ਤੇਜ਼ੀ ਨਾਲ




ਫੈਲ ਗਈ। ਰਾਸ਼ਟਰਪਤੀ ਵਿਲੀਅਮ ਰੂਟੋ ਨੇ ਇਸ ਘਟਨਾ ਨੂੰ ਭਿਆਨਕ ਦੱਸਿਆ ਹੈ।

## ਪਾਕਿਸਤਾਨ ਦੇ 14 ਕੈਦੀਆਂ ਨੂੰ ਭਾਰਤ ਵਲੋਂ ਕੀਤਾ ਗਿਆ ਰਿਆਹ

**ਅੰਮ੍ਰਿਤਸਰ, ਲੋਕ ਬਾਣੀ**--ਭਾਰਤ ਨੇ 14 ਪਾਕਿਸਤਾਨੀ ਨਾਗਰਿਕ ਕੈਦੀ ਰਿਹਾਅ ਕੀਤੇ ਹਨ। 5 ਮਛੇਰੇ ਅਤੇ 9 ਸਿਵਲ ਕੈਦੀਆਂ ਨੂੰ ਅਟਾਰੀ ਸਰਹੱਦ ਤੇ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਲਿਆਂਦਾ ਗਿਆ। ਬਿਨਾਂ ਪਾਸਪੋਰਟ ਵੀਜ਼ਾ ਭਾਰਤ ਦੀ ਸਰਹੱਦ ਅੰਦਰ ਦਾਖ਼ਲ ਹੋਏ 9 ਕੈਦੀਆਂ ਨੇ ਭਾਰਤ ਦੀਆਂ ਵੱਖ-ਵੱਖ ਜੇਲ੍ਹਾਂ ਵਿਚ ਸਖ਼ਤ ਸਜ਼ਾ ਭੁਗਤੀ। ਪੀ.ਆਰ.ਓ. ਅਰੁਣ ਮਾਹਲ ਨੇ ਦੱਸਿਆ ਕਿ ਨਾਜਾਇਜ਼ ਤੌਰ ਤੇ ਭਾਰਤ ਦੀ ਸਰਹੱਦ ਅੰਦਰ ਦਾਖ਼ਲ ਹੋਏ ਕੈਦੀਆਂ ਤੇ ਵੱਖ-ਵੱਖ ਧਰਾਵਾਂ ਤਹਿਤ ਕੇਸ ਦਰਜ ਸਨ, ਜਿਨਾਂ ਵਿਚ ਸਜ਼ਾ ਪੂਰੀ



ਕਰਕੇ ਰਿਹਾਈ ਹੋਣ ਤੇ ਪਾਕਿਸਤਾਨ ਭੇਜਿਆ ਜਾ ਰਿਹਾ। ਮਛੇਰਿਆਂ ਨੇ ਗੱਲਬਾਤ ਕਰਦੇ ਦੱਸਿਆ ਕਿ ਉਹ ਮੱਛੀਆਂ ਫੜਦੇ ਸਮੇਂ ਭਾਰਤ ਦੀ ਸਰਹੱਦ ਅੰਦਰ ਦਾਖ਼ਲ ਹੋ ਗਏ ਸਨ ਤੇ ਹੁਣ ਰਿਹਾਈ ਹੋਣ ਤੇ ਉਹ ਖ਼ੁਸ਼ ਹਨ।

## ਯੂ.ਪੀ ਚ ਵਾਪਰੀਆਂ ਸੜਕ ਹਾਦਸਾ 15 ਲੋਕਾਂ ਦੀ ਹੋਈ ਮੌਤ

**ਹਾਥਰਸ, ਲੋਕ ਬਾਣੀ**--ਉੱਤਰ ਪ੍ਰਦੇਸ਼ ਦੇ ਹਾਥਰਸ ਵਿਚ ਮੈਕਸ ਅਤੇ ਰੋਡਵੇਜ਼ ਦੀ ਬੱਸ ਦੀ ਟੱਕਰ ਕਾਰਨ ਇਕ ਭਿਆਨਕ ਹਾਦਸਾ ਵਾਪਰਿਆ ਹੈ। ਇਸ ਹਾਦਸੇ ਚ 15 ਲੋਕਾਂ ਦੀ ਮੌਤ ਹੋਣ ਦੀ ਖ਼ਬਰ ਹੈ। ਦੱਸਿਆ ਜਾ ਰਿਹਾ ਹੈ ਕਿ ਮੈਕਸ ਗੱਡੀ ਚ ਕਰੀਬ 30 ਲੋਕ ਸਵਾਰ ਸਨ। ਹਾਥਰਸ ਚ ਆਗਰਾ-ਅਲੀਗੜ੍ਹ ਨੈਸ਼ਨਲ



ਹਾਈਵੇ ਤੇ ਪਿੰਡ ਮੀਤਾਈ ਨੇੜੇ ਇਹ ਭਿਆਨਕ ਸੜਕ ਹਾਦਸਾ ਵਾਪਰਿਆ।

## ਮੁੰਬਈ ਵਿਚ ਇਮਾਰਤ ਦੀ ਸਤਵੀਂ ਮੰਜ਼ਿਲ ਤੇ ਲੱਗੀ ਭਿਆਨਕ ਅੱਗ

**ਮੁੰਬਈ, ਲੋਕ ਬਾਣੀ**-- ਮੁੰਬਈ ਦੇ ਲੋਅਰ ਪਰੇਲ ਇਲਾਕੇ ਚ 7 ਮੰਜ਼ਿਲਾ ਇਮਾਰਤ ਚ ਅੱਗ ਲੱਗੀ ਹੈ। ਅੱਗ ਬੁਝਾਊ ਵਿਭਾਗ ਨੇ ਇਸ ਨੂੰ ਲੈਵਲ-ਟੂ ਅੱਗ ਘੋਸ਼ਿਤ ਕੀਤਾ ਹੈ ਅਤੇ ਅੱਠ ਫਾਇਰ ਇੰਜਣ ਅਤੇ ਹੋਰ ਅੱਗ ਬੁਝਾਊ ਗੱਡੀਆਂ ਮੌਕੇ ਤੇ ਮੌਜੂਦ ਹਨ। ਫਿਲਹਾਲ ਕਿਸੇ ਜਾਨੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਨਗਰ ਨਿਗਮ ਦੇ ਇਕ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ



ਹੈ। ਅਧਿਕਾਰੀ ਨੇ ਦੱਸਿਆ ਕਿ ਲੋਅਰ ਪਰੇਲ ਇਲਾਕੇ ਚ ਕਮਲਾ ਮਿੱਲ ਕੰਪਲੈਕਸ ਦੀ ਟਾਈਮਜ਼ ਟਾਵਰ ਇਮਾਰਤ ਚ ਅੱਗ ਲੱਗ ਗਈ।

## ਚੋਣ ਅਧਿਕਾਰੀ ਦਾ ਕਹਿਣਾ ਅਪਰਾਧਿਕ ਪਿਛੋਕੜ ਵਾਲੇ ਉਮੀਦਵਾਰ ਆਪਣੀ ਜਾਣਕਾਰੀ ਜਨਤਕ ਕਰਨ

**ਚੰਡੀਗੜ੍ਹ, ਵਿਨੋਦ ਸ਼ਰਮਾ**--ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਪੰਕਜ ਅਗਰਵਾਲ ਨੇ ਕਿਹਾ ਕਿ ਸੂਬੇ ਵਿਚ ਵਿਧਾਨ ਸਭਾ ਚੋਣਾਂ ਲੜ ਰਹੇ ਉਮੀਦਵਾਰਾਂ ਅਤੇ ਰਾਜਨੀਤਿਕ ਪਾਰਟੀਆਂ ਨੂੰ ਅਪਰਾਧਿਕ ਪਿਛੋਕੜਾਂ ਨੂੰ ਪ੍ਰਕਾਸ਼ਿਤ ਕਰਨਾ ਚਾਹੀਦਾ ਹੈ। ਇਸ ਤੋਂ ਇਲਾਵਾ ਅਜਿਹੀ ਜਾਣਕਾਰੀ ਉਨ੍ਹਾਂ ਦੀਆਂ ਅਧਿਕਾਰਤ ਵੈੱਬਸਾਈਟਾਂ 'ਤੇ ਵੀ ਉਪਲਬਧ ਹੋਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਅਪਰਾਧਿਕ ਪਿਛੋਕੜ ਵਾਲੇ ਉਮੀਦਵਾਰਾਂ ਨੂੰ ਚੋਣ ਪ੍ਰਚਾਰ ਦੌਰਾਨ ਤਿੰਨ ਵਾਰ ਅਖਬਾਰਾਂ ਅਤੇ ਟੈਲੀਵਿਜ਼ਨ ਚੈਨਲਾਂ ਰਾਹੀਂ ਇਸ ਸਬੰਧੀ ਜਾਣਕਾਰੀ ਪ੍ਰਕਾਸ਼ਿਤ ਕਰਨੀ ਚਾਹੀਦੀ ਹੈ। ਇੱਕ ਸਿਆਸੀ ਪਾਰਟੀ ਜੋ ਅਪਰਾਧਿਕ ਪਿਛੋਕੜ



ਵਾਲੇ ਉਮੀਦਵਾਰ ਖੜ੍ਹੇ ਕਰਦੀ ਹੈ। ਉਸ ਨੂੰ ਵੀ ਤਿੰਨ ਮੌਕਿਆਂ 'ਤੇ ਆਪਣੇ ਉਮੀਦਵਾਰਾਂ ਦੇ ਅਪਰਾਧਿਕ ਪਿਛੋਕੜ ਬਾਰੇ ਜਾਣਕਾਰੀ ਆਪਣੀ ਵੈੱਬਸਾਈਟ ਅਤੇ ਅਖ਼ਬਾਰਾਂ ਅਤੇ ਟੈਲੀਵਿਜ਼ਨ ਚੈਨਲਾਂ 'ਤੇ ਪ੍ਰਕਾਸ਼ਿਤ ਕਰਨ ਦੀ ਲੋੜ ਹੁੰਦੀ ਹੈ।

## ਕਿਸਾਨਾਂ ਨੇ ਤੇਲ ਕੀਮਤਾਂ ਵਿਚ ਵਾਧੇ ਖ਼ਿਲਾਫ਼ ਭਗਵੰਤ ਮਾਨ ਦੇ ਪੁਤਲੇ ਫੂਕੇ

**ਚੰਡੀਗੜ੍ਹ, ਵਿਨੋਦ ਸ਼ਰਮਾ**--ਪੰਜਾਬ ਸਰਕਾਰ ਵੱਲੋਂ ਪੈਟਰੋਲ 'ਤੇ ਵੈਟ ਵਿਚ 61 ਪੈਸੇ ਅਤੇ ਡੀਜ਼ਲ 'ਤੇ 92 ਪੈਸੇ ਪ੍ਰਤੀ ਲਿਟਰ ਦਾ ਵਾਧਾ ਕਰਨ ਖ਼ਿਲਾਫ਼ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਅਗਵਾਈ ਵਿੱਚ ਕਿਸਾਨਾਂ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਪੁਤਲੇ ਫੂਕ ਕੇ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਕਿਸਾਨ ਆਗੂ ਗੁਰਪ੍ਰੀਤ ਨਾਨੋਵਾਲ, ਗੁਰਮੁਖ ਸਿੰਘ, ਨਿਸ਼ਾਨ ਸਿੰਘ ਨੇ ਕਿਹਾ ਕਿ 2022 ਵਿੱਚ ਪਿਛਲੀ ਸਰਕਾਰ ਵੱਲੋਂ ਬਿਜਲੀ ਖਪਤਕਾਰਾਂ ਨੂੰ ਪ੍ਰਤੀ ਯੂਨਿਟ 3 ਰੁਪਏ ਦੀ ਸਬਸਿਡੀ ਦਿੱਤੀ ਗਈ ਸੀ ਜਿਸ ਨੂੰ



ਕੱਲ੍ਹ ਹੋਈ ਕੈਬਨਿਟ ਦੀ ਮੀਟਿੰਗ ਵਿੱਚ ਮਾੜੀ ਨੀਤੀ ਤਹਿਤ ਖ਼ਤਮ ਕਰ ਦਿੱਤਾ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਫ਼ੈਸਲੇ ਨੂੰ ਤੁਰੰਤ ਵਾਪਸ ਲਿਆ ਜਾਵੇ।

## ਪੰਜਾਬ ਵਿੱਚ ਵੱਧ ਰਹੇ ਹਨ ਹੁਣ ਡੇਂਗੂ ਦੇ ਮਰੀਜ਼

**ਲੁਧਿਆਣਾ, ਸੁਖਚੈਨ ਮਹਿਰਾ** --ਪੰਜਾਬ ਵਿੱਚ ਹੁਣ ਡੇਂਗੂ ਦਾ ਖ਼ੌਫ਼ ਲਗਾਤਾਰ ਵਧਦਾ ਜਾ ਰਿਹਾ ਹੈ। ਜ਼ਿਲ੍ਹੇ 'ਚ ਸੈਂਕੜੇ ਥਾਵਾਂ 'ਤੇ ਡੇਂਗੂ ਦਾ ਲਾਰਵਾ ਮਿਲਣ 'ਤੇ ਸਿਹਤ ਵਿਭਾਗ 'ਚ ਕਾਫੀ ਹਲਚਲ ਹੈ। ਮੈਨਪਾਵਰ ਦੀ ਕਮੀ ਕਾਰਨ ਪੂਰੇ ਜ਼ਿਲ੍ਹੇ ਨੂੰ ਕਵਰ ਕਰਨਾ ਅਸੰਭਵ ਪ੍ਰਤੀਤ ਹੋ ਰਿਹਾ ਹੈ। ਅਜਿਹੀ ਸਥਿਤੀ 'ਚ ਲੋਕਾਂ 'ਚ ਵੀ ਡਰ ਦਾ ਮਾਹੌਲ ਹੈ। ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਜ਼ਿਲ੍ਹੇ 'ਚ ਡੇਂਗੂ ਅਤੇ ਹੋਰ ਬੀਮਾਰੀਆਂ ਦੇ




ਪ੍ਰਸਾਰ ਨਾਲ ਨਜਿੱਠਣ ਲਈ ਪ੍ਰਸ਼ਾਸਨ ਅਤੇ ਸਿਹਤ ਟੀਮਾਂ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸਮੀਖਿਆ ਕੀਤੀ ਤੇ ਲੋਕਾਂ ਨੂੰ ਸਤਰਕ ਰਹਿਣ ਨੂੰ ਕਿਹਾ ਗਿਆ ਹੈ ਸਿਹਤ ਵਿਭਾਗ ਦੀਆਂ ਟੀਮਾਂ ਵੀ ਪੂਰੀ ਨਜ਼ਰ ਰੱਖ ਰਹਿਆਂ ਹਨ

## ਜਲੰਧਰ ਆਏ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁਖੀ ਗੁਰਿੰਦਰ ਸਿੰਘ ਢਿੱਲੋਂ

**ਜਲੰਧਰ, ਬਿੱਟੂ ਫੋਲੜੀਵਾਲ** -- ਕਰੋੜਾਂ ਲੋਕਾਂ ਦੀ ਆਸਥਾ ਦਾ ਘਰ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਡੇਰਾ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਅਤੇ ਉਨ੍ਹਾਂ ਵੱਲੋਂ ਨਵੇਂ ਥਾਪੇ ਗਏ ਉੱਤਰਾਧਿਕਾਰੀ ਜਸਦੀਪ ਸਿੰਘ ਗਿੱਲ ਸ਼ੁੱਕਰਵਾਰ ਸਵੇਰੇ ਜੇਲ੍ਹ ਰੋਡ ਜਲੰਧਰ ਨੇੜੇ ਮਿਸ਼ਨ ਕੰਪਾਊਂਡ ਸਥਿਤ ਰਾਧਾ ਸੁਆਮੀ ਸਤਿਸੰਗ ਬਿਆਸ ਕੇਂਦਰ-1 ਵਿਖੇ ਪਹੁੰਚੇ। ਉਨ੍ਹਾਂ ਦੇ ਆਉਣ ਦੀ ਸੂਚਨਾ ਮਿਲਦੇ ਹੀ ਹਜ਼ਾਰਾਂ ਦੀ ਗਿਣਤੀ ਚ ਸੰਗਤ ਉਥੇ ਪਹੁੰਚੀ,



ਜਿੱਥੇ ਉਨ੍ਹਾਂ ਨੇ ਪੰਡਾਲ ਵਿੱਚ ਬੈਠੀ ਸੰਗਤ ਨੂੰ ਦਰਸ਼ਨ ਦਿੱਤੇ। ਇਸ ਦੌਰਾਨ ਸੰਗਤ ਕਾਫ਼ੀ ਭਾਵੁਕ ਨਜ਼ਰ ਆਈ ਤੇ ਸੰਗਤਾਂ ਦਾ ਬਾਬਾ ਜੀ ਨਾਲ ਪਿਆਰ ਦੇਖਣ ਨੂੰ ਮਿਲ ਰਿਹਾ ਸੀ

## ਸੂਬੇ ਵਿਚ ਫੇਰ ਆੜ੍ਹਤੀਏ ਤੇ ਚੱਲੀ ਗੋਲੀ ਹਾਲਤ ਗੰਭੀਰ

**ਫਿਰੋਜ਼ਪੁਰ, ਲੋਕ ਬਾਣੀ**--ਸਰਹੱਦੀ ਪਿੰਡ ਬਾਰੇ ਕੇ ਵਿਖੇ ਆਪਣੇ ਘਰ ਅੱਗੇ ਬੈਠੇ ਆੜ੍ਹਤੀਏ ਗੁਰਮੀਤ ਸਿੰਘ ਨਾਮਕ ਵਿਅਕਤੀ ਨੂੰ ਨਾਮਾਲੂਮ ਹਮਲਾਵਰਾਂ ਵਲੋਂ ਗੋਲੀ ਮਾਰ ਕੇ ਗੰਭੀਰ ਜ਼ਖ਼ਮੀ ਕਰ ਦਿੱਤਾ ਗਿਆ ਹੈ। ਜੋ ਨਿੱਜੀ ਹਸਪਤਾਲ



ਵਿਖੇ ਜੇਰੇ ਇਲਾਜ ਹੈ,ਜਿਸ ਦੀ ਹਾਲਤ ਸਥਿਰ ਹੈ। ਪੁਲਿਸ ਵਲੋਂ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।



# ਪੰਜਾਬ ਸਰਕਾਰ ਡੇਰਾ ਮੁਖੀ ਦੇ ਫੈਸਲੇ ਖਿਲਾਫ ਸੁਪਰੀਮ ਕੋਰਟ ਪਟੀਸ਼ਨ ਪਾਵੇਗੀ

ਚੰਡੀਗੜ੍ਹ: (ਲੋਕ ਬਾਣੀ)- ਪੰਜਾਬ ਸਰਕਾਰ ਡੇਰਾ ਸੱਚਾ ਸੌਦਾ ਦੇ ਮੁਖੀ ਰਾਮ ਰਹੀਮ ਦੇ ਫੈਸਲੇ ਵਿਰੁੱਧ ਸੁਪਰੀਮ ਕੋਰਟ ਵਿੱਚ ਪਟੀਸ਼ਨ ਦਾਇਰ ਕਰਨ ਜਾ ਰਹੀ ਹੈ। ਖਬਰ ਵਾਲੇ ਡਾਟ ਕਾਮ ਨੂੰ ਮੁੱਖ ਮੰਤਰੀ ਦੇ ਦਰਬਾਰ ਤੋਂ ਮਿਲੀ ਜਾਣਕਾਰੀ ਅਨੁਸਾਰ ਇਸ ਲਈ ਬਕਾਇਦਾ ਤੌਰ ਤੇ ਪੰਜਾਬ ਸਰਕਾਰ ਵੱਲੋਂ ਕਾਨੂੰਨਦਾਨਾਂ ਨਾਲ ਸਲਾਹ ਮਸਵਰਾ ਕੀਤਾ ਜਾ ਰਿਹਾ ਹੈ।

ਦੱਸਣ ਯੋਗ ਹੈ ਕਿ 11 ਮਾਰਚ ਨੂੰ, ਰਾਮ ਰਹੀਮ ਦੁਆਰਾ 2015 ਦੇ ਬੇਅਦਬੀ ਮਾਮਲਿਆਂ ਵਿੱਚ ਦਾਇਰ ਪਟੀਸ਼ਨ ਦੀ ਸੁਣਵਾਈ ਕਰਦੇ ਹੋਏ, ਹਾਈਕੋਰਟ ਨੇ ਸਿਰਸਾ ਡੇਰਾ ਮੁਖੀ ਵਿਰੁੱਧ ਅਗਲੀ ਕਾਰਵਾਈ ਤੇ ਰੋਕ ਲਗਾ ਦਿੱਤੀ ਸੀ।

ਪੰਜਾਬ ਸਰਕਾਰ ਸਿਰਸਾ ਸਥਿਤ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਵਿਰੁੱਧ ਬਰਗਾੜੀ ਬੇਅਦਬੀ ਦੇ ਤਿੰਨ ਆਪਸ ਵਿੱਚ ਜੁੜੇ ਮਾਮਲਿਆਂ ਵਿੱਚ ਹੇਠਲੀ ਅਦਾਲਤ ਅੱਗੇ ਚੱਲ ਰਹੀ ਸੁਣਵਾਈ ਤੇ ਰੋਕ ਲਗਾਉਣ ਦੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਨੂੰ ਚੁਣੌਤੀ ਦੇਣ ਲਈ ਸੁਪਰੀਮ ਕੋਰਟ ਵਿੱਚ ਵਿਸ਼ੇਸ਼ ਛੁੱਟੀ ਪਟੀਸ਼ਨ (ਐਸਐਲਪੀ) ਦਾਇਰ ਕਰਨ ਦੀ ਤਿਆਰੀ ਕਰ ਰਹੀ ਹੈ।

11 ਮਾਰਚ ਨੂੰ, ਰਾਮ ਰਹੀਮ ਦੁਆਰਾ 2015 ਦੇ ਬੇਅਦਬੀ ਮਾਮਲਿਆਂ ਵਿੱਚ ਦਾਇਰ ਪਟੀਸ਼ਨ ਦੀ ਸੁਣਵਾਈ ਕਰਦੇ ਹੋਏ, ਹਾਈਕੋਰਟ ਨੇ ਸਿਰਸਾ ਡੇਰਾ ਮੁਖੀ ਵਿਰੁੱਧ ਅਗਲੀ ਕਾਰਵਾਈ ਤੇ ਰੋਕ ਲਗਾ ਦਿੱਤੀ ਸੀ। 13 ਦਸੰਬਰ, 2021 ਨੂੰ, ਰਾਮ ਰਹੀਮ ਨੇ ਹਾਈ ਕੋਰਟ ਦਾ ਰੁਖ ਕੀਤਾ ਸੀ ਅਤੇ ਮੰਗ ਕੀਤੀ ਸੀ ਕਿ ਸੀਬੀਆਈ ਨੂੰ 2015 ਦੀਆਂ ਤਿੰਨ ਬੇਅਦਬੀ ਦੀਆਂ ਐਫਆਈਆਰਜ਼ ਦੀ ਜਾਂਚ ਜਾਰੀ ਰੱਖਣ ਲਈ ਕਿਹਾ ਜਾਵੇ। ਪਟੀਸ਼ਨ ਵਿੱਚ 6 ਸਤੰਬਰ, 20 18 ਦੇ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੂੰ ਵੀ ਚੁਣੌਤੀ ਦਿੱਤੀ ਗਈ ਸੀ, ਜਿਸ ਵਿੱਚ ਸਹਿਮਤੀ ਦਿੱਤੀ ਗਈ ਸੀ। ਬੇਅਦਬੀ ਮਾਮਲਿਆਂ ਦੀਆਂ ਇਨ੍ਹਾਂ ਐਫਆਈਆਰਜ਼ ਦੀ ਜਾਂਚ ਲਈ ਸੀ.ਬੀ. ਆਈ. ਨੂੰ ਵਾਪਸ ਲੈ ਲਿਆ ਗਿਆ ਸੀ।

2015 ਦੇ ਬੇਅਦਬੀ ਮਾਮਲਿਆਂ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਦੇ ਇੱਕ ਮੈਂਬਰ ਨੇ ਆਪਣਾ ਨਾਮ ਗੁਪਤ ਰੱਖਣ ਦੀ ਸ਼ਰਤ ਤੇ ਕਿਹਾ ਕਿ ਜਾਂਚ ਟੀਮ ਬਰਗਾੜੀ ਬੇਅਦਬੀ ਦੇ ਤਿੰਨ ਮਾਮਲਿਆਂ ਵਿੱਚ ਸੁਣਵਾਈ ਤੇ ਹਾਈ ਕੋਰਟ ਦੇ ਸਟੇਅ ਨੂੰ ਚੁਣੌਤੀ ਦੇਣ ਲਈ ♥3 ਵਿੱਚ ਇੱਕ ♥✶♦ ਪੇਸ਼ ਕਰਨ ਦੀ ਤਿਆਰੀ ਕਰ ਰਹੀ ਹੈ। ਅਧਿਕਾਰੀ ਨੇ ਅੱਗੇ ਕਿਹਾ, ਅਸੀਂ ਕਾਨੂੰਨੀ ਮਾਹਿਰਾਂ ਨਾਲ ਸਲਾਹ ਕਰ ਰਹੇ ਹਾਂ ਅਤੇ ਜਲਦੀ ਹੀ ਅਸੀਂ ਸੁਪਰੀਮ ਕੋਰਟ ਵਿੱਚ ਜਾਵਾਂਗੇ।'




ਪਿਛਲੇ ਸਾਲ ਫਰਵਰੀ ਵਿੱਚ, ਸੁਪਰੀਮ ਕੋਰਟ ਨੇ ਬਰਗਾੜੀ ਬੇਅਦਬੀ ਦੇ ਤਿੰਨ ਆਪਸ ਵਿੱਚ ਜੁੜੇ ਮਾਮਲਿਆਂ ਵਿੱਚ ਰਾਮ ਰਹੀਮ ਅਤੇ ਸੱਤ ਪੈਰੋਕਾਰਾਂ ਵਿਰੁੱਧ ਮੁਕੱਦਮੇ ਨੂੰ ਫਰੀਦਕੋਟ ਦੀ ਇੱਕ ਅਦਾਲਤ ਤੋਂ ਚੰਡੀਗੜ੍ਹ ਤਬਦੀਲ ਕਰ ਦਿੱਤਾ ਸੀ। ਇਹ ਕਦਮ 10 ਨਵੰਬਰ, 2022 ਨੂੰ 2015 ਦੇ ਬਰਗਾੜੀ ਬੇਅਦਬੀ ਮਾਮਲੇ ਦੇ ਦੋਸ਼ੀ ਡੇਰਾ ਸਮਰਥਕ ਪਰਦੀਪ ਸਿੰਘ ਕਟਾਰੀਆ ਦੀ ਗੋਲੀ ਮਾਰ ਕੇ ਹੱਤਿਆ ਕਰਨ ਤੋਂ ਬਾਅਦ ਆਇਆ ਹੈ ਅਤੇ ਹੋਰ ਦੋਸ਼ੀਆਂ ਨੇ ਕੇਸ ਨੂੰ ਤਬਦੀਲ ਕਰਨ ਲਈ ਸੁਪਰੀਮ ਕੋਰਟ ਦਾ ਰੁਖ ਕੀਤਾ ਸੀ।1 ਜੂਨ, 2015 ਨੂੰ ਪਿੰਡ ਬੁਰਜ ਜਵਾਹਰ ਸਿੰਘ ਵਾਲਾ ਦੇ ਗੁਰਦੁਆਰੇ ਤੋਂ ਗੁਰੂ ਗ੍ਰੰਥ ਸਾਹਿਬ ਦੀ ਬੀੜ ਚੋਰੀ ਹੋ ਗਈ ਸੀ। ਅਗਲੇ ਦਿਨ ਐਫਆਈਆਰ ਦਰਜ ਕੀਤੀ ਗਈ ਸੀ। 2015 ਵਿੱਚ ਬਰਗਾੜੀ ਅਤੇ ਬੁਰਜ ਜਵਾਹਰ ਸਿੰਘ ਵਾਲਾ ਪਿੰਡਾਂ ਵਿੱਚ ਬੇਅਦਬੀ ਦੀਆਂ ਧਮਕੀਆਂ ਦੇਣ ਵਾਲੇ ਤਿੰਨ ਅਪਮਾਨਜਨਕ ਪੋਸਟਰ ਚਿਪਕਾਏ ਗਏ ਸਨ, ਜਿਸ ਤੋਂ ਬਾਅਦ ਐਫਆਈਆਰ ਦਰਜ ਕੀਤੀ ਗਈ ਸੀ। 12 ਅਕਤੂਬਰ, 2015 ਨੂੰ, ਬਰਗਾੜੀ ਪਿੰਡ ਦੇ ਨਾਲ ਲੱਗਦੇ ਗੁਰਦੁਆਰੇ ਦੇ ਸਾਹਮਣੇ ਬੀੜ ਦੇ ਪਾਟੇ ਹੋਏ ਪੰਨੇ ਖਿੱਲਰੇ ਪਾਏ ਗਏ ਸਨ, ਜਿਸ ਦੇ ਨਤੀਜੇ ਵਜੋਂ ਰਾਜ ਭਰ ਵਿੱਚ ਰੋਸ ਫੈਲ ਗਿਆ ਸੀ ਅਤੇ ਗੋਲੀਬਾਰੀ ਵਿੱਚ ਦੋ ਸਿੱਖ ਪ੍ਰਦਰਸ਼ਨਕਾਰੀਆਂ ਦੀ ਮੌਤ ਹੋ ਗਈ ਸੀ।

ਪੰਜਾਬ ਪੁਲਿਸ ਦੀ ਐਸਆਈਟੀ ਨੇ ਪਾਇਆ ਕਿ ਸਿੱਖ ਧਰਮ ਗ੍ਰੰਥਾਂ ਦੀ ਬੇਅਦਬੀ ਦੀ ਸਾਜ਼ਿਸ਼ ਸਿਰਸਾ ਵਿੱਚ ਡੇਰਾ ਸੱਚਾ ਸੌਦਾ ਦੇ ਪ੍ਰਬੰਧਕੀ ਬਲਾਕ ਵਿੱਚ ਰਚੀ ਗਈ ਸੀ ਅਤੇ ਪੈਰੋਕਾਰਾਂ ਨੇ ਸੰਪਰਦਾ ਮੁਖੀ ਰਾਮ ਰਹੀਮ ਦੀ ਆਗਿਆ ਤੋਂ ਬਿਨਾਂ ਕਦੇ ਵੀ ਕਾਰਵਾਈ ਨਹੀਂ ਕੀਤੀ। ♥9" ਨੇ ਰਾਮ ਰਹੀਮ ਦੇ ਖਿਲਾਫ ਤਿੰਨ ਮਾਮਲਿਆਂ ਵਿੱਚ ਚਾਰਜਸ਼ੀਟ ਦਾਇਰ ਕੀਤੀ ਹੈ, ਜਿਸ ਵਿੱਚ ਉਸਨੂੰ ਮੁੱਖ ਸਾਜ਼ਿਸ਼ਕਰਤਾ ਦਾ ਨਾਮ ਦਿੱਤਾ ਗਿਆ ਹੈ।

ਵਿਧਾਨ ਸਭਾ ਸੈਸ਼ਨ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਨੂੰ ਕਿਹਾ ਕਿ ਉਨ੍ਹਾਂ ਦੀ ਸਰਕਾਰ 2015 ਦੇ ਬੇਅਦਬੀ ਮਾਮਲੇ ਚ ਰਾਮ ਰਹੀਮ ਦੇ ਖਿਲਾਫ ਮੁਕੱਦਮੇ ਦੀ ਸੁਣਵਾਈ ਲਈ ਇਸਤਗਾਸਾ ਨੂੰ ਮਨਜ਼ੂਰੀ ਦੇਵੇਗੀ। ਵਿਚਾਰ-ਵਟਾਂਦਰੇ ਵਿੱਚ ਹਿੱਸਾ ਲੈਂਦੇ ਹੋਏ ਮਾਨ ਨੇ ਸਦਨ ਨੂੰ ਦੱਸਿਆ ਕਿ ਰਾਜ ਸਰਕਾਰ ਨੂੰ ਬੇਅਦਬੀ ਦੀਆਂ ਘਟਨਾਵਾਂ ਵਿੱਚ ਵੱਡੇ ਸੁਰਾਗ ਮਿਲੇ ਹਨ ਅਤੇ ਇੱਕ ਤਾਜ਼ਾ ਰਿਪੋਰਟ ਪਹਿਲਾਂ ਹੀ ਕਾਨੂੰਨੀ ਜਾਂਚ ਲਈ ਭੇਜੀ ਜਾ ਚੁੱਕੀ ਹੈ।'

ਰਾਜ ਸਰਕਾਰ ਨੇ ਬਰਗਾੜੀ ਬੇਅਦਬੀ ਮਾਮਲਿਆਂ ਵਿੱਚ ਰਾਮ ਰਹੀਮ ਵਿਰੁੱਧ ਮੁਕੱਦਮਾ ਚਲਾਉਣ ਲਈ ਅਜੇ ਮਨਜ਼ੂਰੀ ਨਹੀਂ ਦਿੱਤੀ ਹੈ, ਕਿਉਂਕਿ ਪ੍ਰਸਤਾਵ ਰਾਜ ਦੇ ਗ੍ਰਹਿ ਵਿਭਾਗ ਕੋਲ ਲੰਬਿਤ ਹੈ। ਐਸਆਈਟੀ ਨੇ 2022 ਵਿੱਚ ਸਰਕਾਰ ਨੂੰ ਇੱਕ ਪ੍ਰਸਤਾਵ ਸੌਂਪਿਆ ਸੀ ਜਿਸ ਵਿੱਚ ਰਾਮ ਰਹੀਮ ਵਿਰੁੱਧ ਆਈਪੀਸੀ ਦੀ ਧਾਰਾ 295-ਏ ਤਹਿਤ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਮੰਗੀ ਗਈ ਸੀ।

ਇਸ ਦੌਰਾਨ, ਐਸਆਈਟੀ ਸੰਭਾਵਤ ਤੌਰ ਤੇ 2015 ਦੇ ਪੰਜ ਬੇਅਦਬੀ ਮਾਮਲਿਆਂ ਦੇ ਮੁੱਖ ਸਾਜ਼ਿਸ਼ਕਰਤਾ ਡੇਰੇ ਦੀ ਰਾਸ਼ਟਰੀ ਕਮੇਟੀ ਦੇ ਤਿੰਨ ਮੈਂਬਰਾਂ ਵਿੱਚੋਂ ਇੱਕ, ਪਰਦੀਪ ਕਲੇਰ ਨੂੰ ਵਾਅਦਾ ਮੁਆਫ ਗਵਾਹ ਬਣਾ ਕੇ ਚਲਾਨ ਦੇ ਸਕਦਾ ਹੈ

# ਪੰਜਾਬ ਦੇ ਨਵੇਂ ਗਵਰਨਰ ਗੁਲਾਬ ਚੰਦ ਕਟਾਰੀਆ ਕਰਨਗੇ ਪੰਜਾਬ ਦੇ ਬਾਰਡਰ ਜਿਲ੍ਹਿਆਂ ਦਾ ਦੌਰਾ



(ਲੋਕ ਬਾਣੀ) ਸੂਤਰਾ ਦੇ ਹਵਾਲੇ ਤੋਂ ਵੱਡੀ ਖ਼ਬਰ ਪੰਜਾਬ ਦੇ ਨਵੇਂ ਗਵਰਨਰ ਗੁਲਾਬ ਚੰਦ ਕਟਾਰੀਆ ਕਰਨਗੇ ਪੰਜਾਬ ਦੇ ਬਾਰਡਰ ਜਿਲ੍ਹਿਆਂ ਦਾ ਦੌਰਾ ਕਰਨਗੇ।

25 ਸਿਤੰਬਰ ਤੋਂ 28 ਸਿਤੰਬਰ ਤਕ ਜਾਣਗੇ 4 ਦਿਨਾਂ ਦੇ ਦੌਰੇ ਤੇ , 6 ਜਿਲ੍ਹਿਆਂ ਅੰਮ੍ਰਿਤਸਰ , ਗੁਰਦਾਸਪੁਰ , ਪਠਾਨਕੋਟ , ਫਿਰੋਜ਼ਪੁਰ , ਫਾਜ਼ਿਲਕਾ, ਤਰਨਤਾਰਨ ਦੇ ਲੋਕਾਂ ਦੀਆਂ ਸੁਣਨਗੇ ਮੁਸ਼ਕਿਲਾਂ

ਦਸ-ਦਈਏ ਕਿ ਨਸ਼ਾ ਮਈਨਿੰਗ ਹੋਣਗੇ ਮਸਲੇ।

# ਡਾਕਟਰਾਂ ਦੇ ਹੜਤਾਲ ਤੇ ਜਾਣ ਤੋਂ ਪਹਿਲਾਂ ਸਰਕਾਰ ਨੂੰ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਹੱਲ ਕਰਨਾ ਚਾਹੀਦਾ ਹੈ: ਬਾਜਵਾ

ਚੰਡੀਗੜ੍ਹ,(ਲੋਕ ਬਾਣੀ)- ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੂੰ ਜ਼ੋਰ ਦੇ ਕੇ ਕਿਹਾ ਕਿ ਡਾਕਟਰਾਂ ਦੇ ਅਣਮਿਥੇ ਸਮੇਂ ਲਈ ਹੜਤਾਲ ਤੇ ਜਾਣ ਤੋਂ ਪਹਿਲਾਂ ਸਰਕਾਰ ਸੂਬੇ ਦੇ ਡਾਕਟਰਾਂ ਦੀਆਂ ਸ਼ਿਕਾਇਤਾਂ ਦਾ ਹੱਲ ਕਰੇ ਤਾਂ ਜੋ ਸੂਬੇ ਦੀਆਂ ਸਿਹਤ ਸੇਵਾਵਾਂ ਸੁਚਾਰੂ ਢੰਗ ਨਾਲ ਚੱਲਦੀਆਂ ਰਹਿਣ।

ਜ਼ਿਕਰਯੋਗ ਹੈ ਕਿ ਪੰਜਾਬ ਸਿਵਲ ਮੈਡੀਕਲ ਸਰਵਿਸਿਜ਼ ਐਸੋਸੀਏਸ਼ਨ (ਪੀ.ਸੀ.ਐਮ.ਐਸ.ਏ.) ਦੇ ਬੈਨਰ ਹੇਠ ਸਰਕਾਰੀ ਡਾਕਟਰ 9 ਸਤੰਬਰ ਨੂੰ ਹੜਤਾਲ ਕਰਨ ਜਾ ਰਹੇ ਹਨ। ਡਾਕਟਰਾਂ ਦੇ ਅਣਸੁਲਝੇ ਮੁੱਦਿਆਂ ਵਿੱਚ ਉਨ੍ਹਾਂ ਦੀ ਰੁਕੀ ਹੋਈ ਤਰੱਕੀ, ਬਕਾਇਆ ਛੇਵੇਂ ਸੀਪੀਸੀ ਬਕਾਏ ਅਤੇ ਕੰਮ ਵਾਲੀ ਥਾਂ ਤੇ ਸੁਰੱਖਿਆ ਸਮੇਤ ਹੋਰ ਮੰਗਾਂ ਸ਼ਾਮਲ ਹਨ। ਸਰਕਾਰੀ ਖੇਤਰ ਦੇ ਡਾਕਟਰਾਂ ਤੇ ਬੋਝ ਹੈ ਅਤੇ ਸਟਾਫ਼ ਦੀ ਘਾਟ ਹੈ।



ਉਨ੍ਹਾਂ ਕਿਹਾ ਕਿ ਸਰਕਾਰੀ ਡਾਕਟਰ ਪੰਜਾਬ ਵਿੱਚ ਸਿਹਤ ਸੇਵਾਵਾਂ ਦੀ ਰੀੜ੍ਹ ਦੀ ਹੱਡੀ ਹਨ। ਇਹ ਸਮਾਜ ਦੇ ਗ਼ਰੀਬ ਵਰਗ ਨਾਲ ਸਬੰਧਿਤ ਲੋਕ ਹਨ, ਜੋ ਆਮ ਤੌਰ ਤੇ ਇਲਾਜ ਲਈ ਸਰਕਾਰੀ ਹਸਪਤਾਲਾਂ ਦੀ ਚੋਣ ਕਰਦੇ ਹਨ। ਜੇ ਸਰਕਾਰੀ ਹਸਪਤਾਲਾਂ ਦੇ ਡਾਕਟਰ ਹੜਤਾਲ ਤੇ ਜਾਂਦੇ ਹਨ, ਤਾਂ ਇਹ ਗ਼ਰੀਬ ਲੋਕ, ਖ਼ਾਸ ਕਰ ਕੇ ਦਲਿਤ ਹਨ, ਜਿਨ੍ਹਾਂ ਨੂੰ ਨੁਕਸਾਨ ਹੋਵੇਗਾ। ਬਾਜਵਾ ਨੇ ਕਿਹਾ ਕਿ ਇਸ ਦੀ ਜ਼ਿੰਮੇਵਾਰੀ ਪੂਰੀ ਤਰ੍ਹਾਂ ਸਰਕਾਰ ਦੀ ਹੋਵੇਗੀ।

ਸੀਨੀਅਰ ਕਾਂਗਰਸੀ ਆਗੂ ਬਾਜਵਾ ਨੇ ਕਿਹਾ ਕਿ ਇੱਕ ਤੋਂ ਬਾਅਦ ਇੱਕ ਡਾਕਟਰਾਂ, ਅਧਿਆਪਕਾਂ, ਕਲਰਕਾਂ ਆਦਿ ਸਮੇਤ ਵੱਖ-ਵੱਖ ਖੇਤਰਾਂ ਨਾਲ ਸਬੰਧਿਤ ਵੱਖ-ਵੱਖ ਕਰਮਚਾਰੀਆਂ ਅਤੇ ਕਿਸਾਨਾਂ ਵਿਚ ਆਪ ਸਰਕਾਰ ਪ੍ਰਤੀ ਅਸੰਤੁਸ਼ਟੀ ਪੈਦਾ ਹੋ ਰਹੀ ਹੈ। ਉਹ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ। ਹਾਲਾਂਕਿ, ਆਪ ਸਰਕਾਰ ਉਨ੍ਹਾਂ ਦੇ ਮਸਲਿਆਂ ਨੂੰ ਹੱਲ ਕਰਨ ਵਿੱਚ ਬੁਰੀ ਤਰ੍ਹਾਂ ਅਸਫਲ ਰਹੀ ਹੈ।

ਉਨ੍ਹਾਂ ਕਿਹਾ ਕਿ ਇਸ ਦਾ ਇੱਕ ਵੱਡਾ ਕਾਰਨ ਇਹ ਹੈ ਕਿ ਆਪ ਸਰਕਾਰ ਆਪਣੇ ਜ਼ਿਆਦਾਤਰ ਵਾਅਦਿਆਂ ਤੋਂ ਮੁੱਕਰ ਗਈ ਹੈ। ਉਨ੍ਹਾਂ ਨੇ ਪੰਜਾਬ ਦੇ ਲੋਕਾਂ ਨਾਲ ਝੂਠੇ ਵਾਅਦੇ ਕੀਤੇ। ਬਾਜਵਾ ਨੇ ਕਿਹਾ ਕਿ ਇਸ ਦੌਰਾਨ ਅਯੋਗ ਝਾੜੂ ਪਾਰਟੀ ਨੂੰ ਇਸ ਬਾਰੇ ਕੋਈ ਸੁਰਾਗ ਨਹੀਂ ਮਿਲਿਆ ਕਿ ਸਰਕਾਰ ਅਤੇ ਵਿੱਤ ਕਿਵੇਂ ਚਲਾਇਆ ਜਾਵੇ।

# ਪੰਜਾਬ ਚ ਭਾਰੀ ਮੀਂਹ, ਜਾਣੋ ਕਿਹੋ ਜਿਹਾ ਰਹੇਗਾ ਮੌਸਮ



(ਲੋਕ ਬਾਣੀ) ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਅੱਜ ਸਵੇਰ ਤੋਂ ਹੀ ਤੇਜ਼ ਬਾਰਿਸ਼ ਹੋ ਰਹੀ ਹੈ, ਜਿਸ ਕਾਰਨ ਮੌਸਮ ਦਾ ਮਿਜਾਜ਼ ਬਦਲ ਗਿਆ ਹੈ। ਮੌਸਮ ਵਿਭਾਗ ਨੇ ਸੂਬੇ ਦੇ ਲੋਕਾਂ ਨੂੰ ਪਹਿਲਾਂ ਹੀ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਹੈ।

ਵਿਭਾਗ ਨੇ ਚੰਡੀਗੜ੍ਹ, ਹਰਿਆਣਾ ਅਤੇ ਪੰਜਾਬ ਸਮੇਤ ਹੋਰ ਰਾਜਾਂ ਵਿੱਚ ਭਾਰੀ ਤੋਂ ਬਹੁਤ ਭਾਰੀ ਮੀਂਹ ਦੀ ਚੇਤਾਵਨੀ ਜਾਰੀ ਕੀਤੀ ਹੈ। ਇਸ ਲਈ ਜੇਕਰ ਤੁਸੀਂ ਕਿਤੇ ਦੂਰ ਜਾਣ ਦੀ ਯੋਜਨਾ ਬਣਾ ਰਹੇ ਹੋ ਤਾਂ ਸਾਵਧਾਨੀ ਨਾਲ ਘਰੋਂ ਬਾਹਰ ਨਿਕਲੋ ਕਿਉਂਕਿ ਰਸਤੇ ਚ ਮੀਂਹ ਕਾਰਨ ਤੁਹਾਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਦੱਸਿਆ ਜਾ ਰਿਹਾ ਹੈ ਕਿ ਅਗਲੇ 7 ਦਿਨਾਂ ਦੌਰਾਨ ਸੂਬੇ ਚ ਭਾਰੀ ਮੀਂਹ ਪੈ ਸਕਦਾ ਹੈ। ਜ਼ਿਕਰਯੋਗ ਹੈ ਕਿ ਪੰਜਾਬ ਚ ਇਸ ਸੀਜ਼ਨ ਦੀ ਸਭ ਤੋਂ ਘੱਟ ਬਾਰਿਸ਼ ਮੋਹਾਲੀ ਚ ਹੋਈ ਹੈ। ਜੇਕਰ ਤਾਪਮਾਨ ਦੀ ਗੱਲ ਕਰੀਏ ਤਾਂ ਮੀਂਹ ਕਾਰਨ ਤਾਪਮਾਨ ਚ ਕਾਫੀ ਫਰਕ ਆਇਆ ਹੈ।

# ਵਿਜੀਲੈਂਸ ਬਿਊਰੋ ਨੇ ਤਹਿਸੀਲਦਾਰ ਤੇ ਉਸਦਾ ਡਰਾਈਵਰ 50 ਹਜਾਰ ਦੀ ਰਿਸ਼ਵਤ ਲੈਣ ਦੇ ਦੋਸ਼ ਕੀਤੇ ਗ੍ਰਿਫਤਾਰ



ਚੰਡੀਗੜ੍ਹ, (ਲੋਕ ਬਾਣੀ):ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਚਲਾਈ ਭ੍ਰਿਸ਼ਟਾਚਾਰ ਰੋਕੂ ਮੁਹਿੰਮ ਤਹਿਤ ਸ਼ੁੱਕਰਵਾਰ ਨੂੰ ਡੇਰਾ ਬਾਬਾ ਨਾਨਕ ਦੇ ਤਹਿਸੀਲਦਾਰ ਲਖਵਿੰਦਰ ਸਿੰਘ ਨੂੰ ਉਸਦੇ ਡਰਾਈਵਰ ਸਮੇਤ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਸੁਖਦੇਵ ਸਿੰਘ ਸੋਹੀ ਵਾਸੀ ਪਿੰਡ ਮਨਸੂਰ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ, ਜੋ ਕਿ ਹੁਣ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਰਮਦਾਸ ਵਿਖੇ ਰਹਿ ਰਿਹਾ ਹੈ, ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਅਜਾਇਬ ਸਿੰਘ ਵਾਸੀ ਢੰਡੋਵਾਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਨੇ ਉਸ ਵਿਰੁੱਧ ਜ਼ਮੀਨੀ ਵਿਵਾਦ ਸਬੰਧੀ ਸ਼ਿਕਾਇਤ ਦਰਜ ਕਰਵਾਈ ਸੀ, ਜਿਸ ਦੀ ਪੜਤਾਲ ਉਕਤ ਤਹਿਸੀਲਦਾਰ ਨੇ ਕਰਨੀ ਸੀ। ਇਸ ਦੌਰਾਨ ਸੁਖਦੇਵ ਸਿੰਘ ਸੋਹੀ ਨੇ ਪਿੰਡ ਰੱਤਾ ਨਿਵਾਸੀ ਦਿਲਬਾਗ ਸਿੰਘ ਨੰਬਰਦਾਰ ਨੂੰ ਨਾਲ ਲੈ ਕੇ ਉਕਤ ਤਹਿਸੀਲਦਾਰ ਤੱਕ ਪਹੁੰਚ ਕੀਤੀ ਤਾਂ ਉਕਤ ਤਹਿਸੀਲਦਾਰ ਨੇ ਆਪਣੀ ਰਿਪੋਰਟ ਵਿਚ ਸੁਖਦੇਵ ਸਿੰਘ ਸੋਹੀ ਦਾ ਪੱਖ ਪੂਰਨ ਬਦਲੇ ਦਿਲਬਾਗ ਸਿੰਘ ਰਾਹੀਂ 50,000 ਰੁਪਏ ਰਿਸ਼ਵਤ ਦੀ ਮੰਗ ਕੀਤੀ।

ਬੁਲਾਰੇ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਨੇ ਜਾਲ ਵਿਛਾਇਆ ਜਿਸ ਵਿੱਚ ਉਕਤ ਤਹਿਸੀਲਦਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਮੌਕੇ ਉਕਤ ਤਹਿਸੀਲਦਾਰ ਨੇ ਰਿਸ਼ਵਤ ਵਜੋਂ ਹਾਸਲ ਕੀਤੀ ਰਕਮ ਆਪਣੇ ਡਰਾਈਵਰ ਨੂੰ ਫੜਾ ਦਿੱਤੀ ਅਤੇ ਵਿਜੀਲੈਂਸ ਬਿਊਰੋ ਦੀ ਟੀਮ ਨੇ ਡਰਾਇਵਰ ਨੂੰ ਵੀ ਰਿਸ਼ਵਤ ਦੀ ਰਕਮ ਸੰਭਾਲਣ ਲਈ ਉਕਤ ਦੇ ਸਾਥੀ ਵਜੋਂ ਦੋਸ਼ੀ ਮੰਨਦਿਆਂ ਗ੍ਰਿਫਤਾਰ ਕਰ ਲਿਆ।

ਬੁਲਾਰੇ ਨੇ ਦੱਸਿਆ ਕਿ ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਦੋਹਾਂ ਮੁਲਜ਼ਮਾਂ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮੁਕੱਦਮੇ ਵਿੱਚ ਹੋਰ ਪੁੱਛਗਿੱਛ ਜਾਰੀ ਹੈ।

# ਚੰਡੀਗੜ੍ਹ ਚ ਕਿਸਾਨ ਅੰਦੋਲਨ ਖ਼ਤਮ, ਕਿਸਾਨਾਂ ਨੇ ਸਰਕਾਰ ਨੂੰ 30 ਸਤੰਬਰ ਤੱਕ ਦਾ ਦਿੱਤਾ ਅਲਟੀਮੇਟਮ



ਚੰਡੀਗੜ੍ਹ: (ਲੋਕ ਬਾਣੀ) ਚੰਡੀਗੜ੍ਹ ਚ 5 ਦਿਨਾਂ ਤੋਂ ਚੱਲ ਰਹੀ ਕਿਸਾਨਾਂ ਅੰਦੋਲਨ ਸ਼ੁੱਕਰਵਾਰ ਦੁਪਹਿਰ ਨੂੰ ਖਤਮ ਹੋ ਗਿਆ। ਕਿਸਾਨ ਆਗੂਆਂ ਨੇ ਸਰਕਾਰ ਨੂੰ ਸਾਫ਼ ਸ਼ਬਦਾਂ ਵਿੱਚ ਕਿਹਾ ਹੈ ਕਿ ਸੀਐਮ ਭਗਵੰਤ ਮਾਨ ਦੀ ਅਗਵਾਈ ਵਿੱਚ ਮੰਨੀਆਂ ਮੰਗਾਂ 30 ਸਤੰਬਰ ਤੱਕ ਪੂਰੀਆਂ ਕੀਤੀਆਂ ਜਾਣ। ਇਸ ਵਿੱਚ ਖੇਤੀਬਾੜੀ ਨੀਤੀ ਦੇ ਡਰਾਫਟ ਨੂੰ ਜਨਤਕ ਕਰਨ ਸਮੇਤ ਕਈ ਮੁੱਦੇ ਸ਼ਾਮਲ ਸਨ। ਭਾਰਤੀ ਕਿਸਾਨ ਏਕਤਾ (ਉਗਰਾਹਾਂ) ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਨੇ ਦੱਸਿਆ ਕਿ ਸਰਕਾਰ ਨੇ ਉਨ੍ਹਾਂ ਨੂੰ ਨਵੀਂ ਖੇਤੀ ਨੀਤੀ ਦਾ ਡਰਾਫਟ 20 ਸਤੰਬਰ ਤੱਕ ਸੌਂਪਣ ਦਾ ਐਲਾਨ ਕੀਤਾ ਹੈ।

ਮੁੱਖ ਮੰਤਰੀ ਨਾਲ ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਜੋ ਖੇਤੀ ਨੀਤੀ ਤਿਆਰ ਕੀਤੀ ਗਈ ਹੈ, ਉਸ ਦਾ ਡਰਾਫਟ ਕਿਸਾਨਾਂ ਅਤੇ ਸਾਰੇ ਵਿਭਾਗਾਂ ਨਾਲ ਸਾਂਝਾ ਕੀਤਾ ਜਾਵੇਗਾ। ਫਿਰ ਕਿਸਾਨਾਂ ਅਤੇ ਹੋਰ ਮੈਂਬਰਾਂ ਨਾਲ ਮੀਟਿੰਗ ਕੀਤੀ ਜਾਵੇਗੀ। ਇਸ ਤੋਂ ਬਾਅਦ ਇਸ ਨੂੰ ਲਾਗੂ ਕੀਤਾ ਜਾਵੇਗਾ। ਕਿਸਾਨਾਂ ਦੇ ਕਰਜ਼ਿਆਂ ਨਾਲ ਸਬੰਧਤ ਮਾਮਲਿਆਂ ਵਿੱਚ, ਸਹਿਕਾਰੀ ਬੈਂਕ ਵਨ ਟਾਈਮ ਸੈਟਲਮੈਂਟ ਸਕੀਮ (®"♥) ਸ਼ੁਰੂ ਕਰੇਗਾ। ਪਿਛਲੇ ਦਿਨੀਂ ਕਿਸਾਨਾਂ ਤੇ ਦਰਜ ਕੇਸ ਵਾਪਸ ਲੈਣ ਤੇ ਚਰਚਾ ਹੋਈ ਹੈ।

ਹਾਲਾਂਕਿ ਕਈ ਮਾਮਲਿਆਂ ਵਿੱਚ ਚਲਾਨ ਵੀ ਪੇਸ਼ ਕੀਤੇ ਗਏ ਹਨ। ਅਜਿਹੀ ਸਥਿਤੀ ਵਿੱਚ ਐਡਵੋਕੇਟ ਜਨਰਲ ਪੰਜਾਬ ਤੋਂ ਰਾਏ ਲੈ ਕੇ ਅਗਲੀ ਰਣਨੀਤੀ ਤਿਆਰ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜ਼ਮੀਨਦੋਜ਼ ਪਾਣੀ ਨੂੰ ਬਚਾਉਣ ਅਤੇ ਖੇਤ ਦੇ ਆਖਰੀ ਕਿਨਾਰੇ ਤੱਕ ਨਹਿਰੀ ਪਾਣੀ ਪਹੁੰਚਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।

# ਪੰਜਾਬੀ ਸਾਹਿਤ ਕਲਾ ਮੰਚ ਰਜਿਸਟਰਡ ਵੱਲੋਂ 11 ਹੋਣਹਾਰ ਅਧਿਆਪਕਾਂ ਦਾ ਕੀਤਾ ਸਨਮਾਨ -ਅਮਨਦੀਪ ਸ਼ਰਮਾ, ਰਾਜਿੰਦਰ ਵਰਮਾ



(ਲੋਕ ਬਾਣੀ) ਪੰਜਾਬੀ ਸਾਹਿਤ ਕਲਾ ਮੰਚ ਵੱਲੋਂ ਹਰੇਕ ਸਾਲ ਅਧਿਆਪਕ ਦਿਵਸ ਮੌਕੇ ਪੰਜਾਬ ਭਰ ਦੇ ਹੋਣਹਾਰ ਅਧਿਆਪਕਾਂ ਦਾ ਸਨਮਾਨ ਕਰਦਾ ਆ ਰਿਹਾ ਹੈ । ਇਸ ਸਾਲ ਵੀ 11 ਪੰਜਾਬ ਦੇ ਵੱਖ-ਵੱਖ ਜਿਲਿਆਂ ਦੇ ਅਧਿਆਪਕਾਂ ਨੂੰ ਪੰਜਾਬੀ ਸਾਹਿਤ ਕਲਾ ਮੰਚ ਵੱਲੋਂ ਸਨਮਾਨਿਤ ਕੀਤਾ ਗਿਆ ।

ਮੰਚ ਦੇ ਪ੍ਰਧਾਨ ਅਮਨਦੀਪ ਸ਼ਰਮਾ, ਉਪ ਪ੍ਰਧਾਨ ਰਜਿੰਦਰ ਵਰਮਾ, ਜਨਰਲ ਸਕੱਤਰ ਗੁਰਜੰਟ ਸਿੰਘ ਬਛੋਆਣਾ ਨੇ ਦੱਸਿਆ ਕਿ ਮੰਚ ਵੱਲੋਂ ਸਨਮਾਨਿਤ ਕੀਤੇ ਜਾ ਰਹੇ ਅਧਿਆਪਕਾਂ ਦੀ ਸੂਚੀ ਵਿੱਚ ਪਹਿਲਾ ਨਾਮ ਗੁਰਚਰਨ ਸਿੰਘ ਸੈਂਟਰ ਹੈਡ ਟੀਚਰ ਫੱਤਾ ਮਾਲੋਕਾ ਹੈ ਜਿਨਾਂ ਨੇ ਆਪਣੀ ਜ਼ਿੰਦਗੀ ਦੀ ਸ਼ੁਰੂਆਤ 1998 ਤੋਂ ਸਰਕਾਰੀ ਪ੍ਰਾਇਮਰੀ ਸਕੂਲ ਧਿੰਗੜ ਤੋਂ ਕੀਤੀ। ਸਾਲ 2016 ਵਿੱਚ ਵਿਭਾਗ ਵੱਲੋਂ ਉਹਨਾਂ ਨੂੰ ਬਤੌਰ ਮੁੱਖ ਅਧਿਆਪਕ ਪ੍ਰਮੋਟ ਕਰਕੇ ਰਮਦਿੱਤੇ ਵਾਲਾ ਸਕੂਲ ਵਿੱਚ ਭੇਜਿਆ ਗਿਆ। ਸਾਲ 20 22 ਵਿੱਚ ਇਹਨਾਂ ਨੂੰ ਬਤੌਰ ਸੈਂਟਰ ਮੁੱਖ ਅਧਿਆਪਕ ਪ੍ਰਮੋਟ ਕਰਕੇ ਫੱਤਾ ਮਾਲੋਕਾ ਵਿਖੇ ਭੇਜਿਆ ਗਿਆ ਜਿੱਥੇ ਇਹ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਇਸ ਸਮੇਂ ਦੌਰਾਨ ਇਹਨਾਂ ਦੇ ਬੱਚਿਆਂ ਦੀਆਂ ਖੇਡਾਂ ਤੇ ਵੱਖ-ਵੱਖ ਖੇਤਰਾਂ ਵਿੱਚ ਜਿਲਾ ਪੱਧਰੀ ਪ੍ਰਾਪਤੀਆਂ ਰਹੀਆਂ। ਅਧਿਆਪਕਾ ਜਗਦੀਪ ਕੌਰ ਨੇ ਕਾਫੀ ਲੰਮਾ ਸਮਾਂ ਸਰਕਾਰੀ ਪ੍ਰਾਈਮਰੀ ਸਕੂਲ ਅਹਿਮਦਪੁਰ ਅਤੇ ਸਾਲ 2016 ਤੋਂ ਉਨਾਂ ਨੂੰ ਵਿਭਾਗ ਵੱਲੋਂ ਪ੍ਰਮੋਟ ਕਰਕੇ ਬਤੌਰ ਮੁੱਖ ਅਧਿਆਪਕ ਖਡਾਲ ਕਲਾਂ ਭੇਜਿਆ ਗਿਆ ਜਿੱਥੇ ਉਹਨਾਂ ਨੇ ਸਕੂਲ ਦੀ ਨੁਹਾਰ ਬਦਲ ਕੇ ਰੱਖ ਦਿੱਤੀ।

ਮੈਡਮ ਅਭਿਤਾ ਭੱਟੀ ਨੇ ਸਾਲ 2002 ਵਿੱਚ ਆਪਣੀ ਨੌਕਰੀ ਦੀ ਸ਼ੁਰੂਆਤ ਕੀਤੀ ਅਤੇ ਖਿਆਲਾ ਕਲਾਂ ਵਿਖੇ ਉਨਾਂ ਨੇ ਬੱਚਿਆਂ ਨੂੰ ਹਰੇਕ ਖੇਤਰ ਵਿੱਚ ਮੋਹਰੀ ਬਣਾਉਣ ਵਿੱਚ ਆਪਣੀਆਂ ਸੇਵਾਵਾਂ ਨਿਭਾਈਆਂ।

ਸੁਰਿੰਦਰ ਕੁਮਾਰ ਪੰਜਾਬੀ ਅਧਿਆਪਕ ਸਰਕਾਰੀ ਮਿਡਲ ਸਕੂਲ ਰਾਮਨਗਰ ਭੱਠਲਾ ਨੇ ਆਪਣੇ ਅਧਿਆਪਨ ਕਿੱਤੇ ਦੀ ਸ਼ੁਰੂਆਤ ਬਤੌਰ ਪ੍ਰਾਇਮਰੀ ਅਧਿਆਪਕ ਕੀਤੀ ਉਹ ਵਿਦਿਆਰਥੀ ਜੀਵਨ ਤੋਂ ਹੀ ਹਾਕੀ ਦੇ ਵਧੀਆ ਖਿਡਾਰੀ ਰਹੇ ਹਨ। ਪੰਜਾਬੀ ਮਾਤ ਭਾਸ਼ਾ ਵਿੱਚ ਉਹਨਾਂ ਦੇ ਬੱਚਿਆਂ ਦੀਆਂ ਜ਼ਿਲ੍ਹਾ ਪੱਧਰੀ ਪ੍ਰਾਪਤੀਆਂ ਆ ਰਹੀਆਂ ਅਤੇ ਬੱਚਿਆਂ ਦੀ ਲਿਖਾਈ ਸੁਧਾਰਨ ਲਈ ਉਹਨਾਂ ਵਿਸ਼ੇਸ਼ ਉਪਰਾਲੇ ਕੀਤੇ।ਸਕੂਲ ਦੀ ਦਿੱਖ ਸੁਧਾਰਨ ਵਿੱਚ ਜੂਨ ਦੀਆ ਛੁੱਟੀਆ ਵੀ ਸਕੂਲ ਲੇਖੇ ਲਾਈਆ।

ਭੁਪਿੰਦਰ ਸਿੰਘ ਮੁੱਖ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਖੈਰਾ ਖੁਰਦ ਨੇ ਆਪਣੀ ਜ਼ਿੰਦਗੀ ਦੇ ਅਧਿਆਪਨ ਕਿੱਤੇ ਦੀ ਸ਼ੁਰੂਆਤ ਪ੍ਰਾਈਮਰੀ ਅਧਿਆਪਕ ਕੀਤੀ ਸਾਲ 2016 ਵਿੱਚ ਉਹਨਾਂ ਨੂੰ ਵਿਭਾਗ ਨੇ ਪ੍ਰਮੋਟ ਕਰਕੇ ਮੁੱਖ ਅਧਿਆਪਕ ਬਣਾਇਆ। ਉਨਾਂ ਖੈਰਾ ਖੁਦ ਸਕੂਲ ਦੀ ਨੁਹਾਰ ਬਦਲ ਕੇ ਰੱਖ ਦਿੱਤੀ ਸਕੂਲ ਵਿੱਚ ਦੋ ਵੈਨਾ ਲਵਾ ਕੇ ਉਹਨਾਂ ਬੱਚਿਆਂ ਦੀ ਗਿਣਤੀ ਵਿੱਚ ਵੱਡੇ ਪੱਧਰ ਤੇ ਵਾਧਾ ਕੀਤਾ। ਮੁੱਖ ਅਧਿਆਪਕਾ ਕਮਲ ਕਿਰਨ ਨੇ ਸਰਕਾਰੀ ਪ੍ਰਾਇਮਰੀ ਸਕੂਲ ਲੜਕੀਆਂ ਸਰਦੂਲਗੜ੍ਹ ਦੀ ਨਹਾਰ ਬਦਲ ਕੇ ਰੱਖ ਦਿੱਤੀ।

ਹਰਜੀਤ ਕੌਰ ਈ ਟੀ ਟੀ ਅਧਿਆਪਕਾ ਸਰਕਾਰੀ ਪ੍ਰਾਇਮਰੀ ਸਕੂਲ ਬਣਾਵਾਲੀ ਦੇ ਬੱਚਿਆਂ ਦੀਆਂ ਵੀਡੀਓ ਸੋਸ਼ਲ ਮੀਡੀਆ ਤੇ ਆਮ ਵੇਖਣ ਲਈ ਮਿਲਦੀਆਂ ਹਨ। ਪਰਮਪ੍ਰੀਤ ਕੌਰ ਹਿੰਦੀ ਅਧਿਆਪਕਾ ਸਰਕਾਰੀ ਹਾਈ ਸਕੂਲ ਮੁਲਾਣਾ ਦੀ ਸਹਿਤ ਦੇ ਖੇਤਰ ਵਿੱਚ ਵੱਡੀ ਪਹਿਚਾਣ ਹੈ।

ਹਰਿੰਦਰ ਕੌਰ ਮੁੱਖ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਬੁਰਜ ਮਾਨਸਾ ਬਠਿੰਡਾ ਦੇ ਸਕੂਲ ਦੇ ਬੱਚਿਆਂ ਦੀਆਂ ਪੰਜਾਬ ਪੱਧਰ ਤੱਕ ਪ੍ਰਾਪਤੀਆਂ ਰਹੀਆਂ ਹਨ। ਹਰਪ੍ਰੀਤ ਕੌਰ ਪ੍ਰਾਇਮਰੀ ਅਧਿਆਪਕਾ ਸਰਕਾਰੀ ਪ੍ਰਾਇਮਰੀ ਸਕੂਲ ਦੋਦੜਾ ਦੀ ਵਿਦਿਆਰਥੀ ਨੈਸ਼ਨਲ ਪੱਧਰ ਤੱਕ ਭਾਗ ਲੈ ਚੁੱਕੇ ਹਨ ਅਤੇ ਸਕੂਲ ਨੂੰ ਗਰੀਨ ਸਕੂਲ ਵੱਲੋਂ ਵੀ ਸਨਮਾਨਿਤ ਕੀਤਾ ਜਾ ਚੁੱਕਾ ਹੈ। ਪੰਜਾਬੀ ਸਾਹਿਤ ਕਲਾ ਮੰਚ ਇਹਨਾਂ ਹੋਣ ਅਧਿਆਪਕਾਂ ਨੂੰ ਪੰਜ ਸਤੰਬਰ ਤੇ ਸਨਮਾਨ ਕਰਨ ਤੇ ਫਖਰ ਮਹਿਸੂਸ ਕਰ ਰਿਹਾ ਹੈ। ਇਸ ਸਮੇਂ ਗੁਰਪ੍ਰੀਤ ਦਾਸ, ਅਮਰੀਕ ਸਿੰਘ ਬਤਰਾ, ਹਿਮਾਂਸ਼ੂ ਐਜੂਕੇਸ਼ਨ ਹੱਬ ਦੇ ਡਾਇਰੈਕਟਰ ਹਿਮਾਂਸ਼ੂ ਗੋਇਲ ,ਬਾਲਾ ਜੀ ਬੁੱਕ ਡੀਪੂ ਤੋਂ ਤੋ ਹਿਮਾਂਸ਼ੂ, ਜਗਮੇਲ ਸਿੰਘ ਭੰਗੂ ,ਸ਼ਭਾਸ਼ ਹੈਂਡਲੂਮ ਤੋਂ ਸੁਭਾਸ਼ ਗੋਇਲ, ਥਾਣਾ ਸਦਰ ਬੁਢਲਾਡਾ ਦੀ ਐਸ ਐਚ ਓ ਮੈਡਮ ਬੇਅੰਤ ਕੌਰ ਆਦਿ ਹਾਜ਼ਰ ਸਨ।

# ਟੈਕਸ ਬਾਰ ਐਸੋਸੀਏਸ਼ਨ ਮਾਲੇਰਕੋਟਲਾ ਨੇ ਸੀ ਏ ਰਾਕੇਸ਼ ਜਿੰਦਲ ਦੀ ਮੌਤ ਤੇ ਕੀਤਾ ਦੁੱਖ ਦਾ ਪ੍ਰਗਟਾਵਾ



ਮਲੇਰਕੋਟਲਾ (ਲੋਕ ਬਾਣੀ)) ਬੀਤੇ ਦਿਨੀਂ ਸਵਰਗਵਾਸ ਹੋਏ ਸੀ ਏ ਰਾਕੇਸ਼ ਜਿੰਦਲ ਦੀ ਮੌਤ ਤੇ ਟੈਕਸ ਬਾਰ ਐਸੋਸੀਏਸ਼ਨ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆ ਟੈਕਸ ਬਾਰ ਐਸੋਸੀਏਸ਼ਨ ਮਾਲੇਰਕੋਟਲਾ ਵੱਲੋਂ ਐਡਵੋਕੇਟ ਹਿਤੇਸ਼ ਗੁਪਤਾ, ਐਡਵੋਕੇਟ ਸੁਸ਼ੀਲ ਸ਼ਰਮਾ, ਐਡਵੋਕੇਟ ਜਾਵੇਦ, ਐਡਵੋਕੇਟ ਮਨਦੀਪ ਸਿੰਘ, ਐਡਵੋਕੇਟ ਅਸ਼ੀਸ਼ ਗੋਇਲ ਅਤੇ ਐਡਵੋਕੇਟ ਜਾਹਿਦ ਖਾਨ ਨੇ ਕਿਹਾ ਕਿ ਸੀ ਏ ਰਾਕੇਸ਼ ਜਿੰਦਲ ਦੀ ਮੌਤ ਨਾਲ ਸ਼ਹਿਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਓਹਨਾ ਕਿਹਾ ਕਿ ਸ਼੍ਰੀ ਜਿੰਦਲ ਇਕ ਬਹੁਤ ਵਧੀਆ ਸੀ ਏ ਹੋਣ ਦੇ ਨਾਲ ਨਾਲ ਬਹੁਤ ਹੀ ਨੇਕ ਦਿਲ ਇਨਸਾਨ ਸਨ, ਟੈਕਸ ਬਾਰ ਐਸੋਸੀਏਸ਼ਨ ਵੱਲੋਂ ਪ੍ਰਮਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਪਰਮਾਤਮਾ ਸ਼੍ਰੀ ਜਿੰਦਲ ਨੂੰ ਆਪਣੇ ਚਰਨਾਂ ਚ ਨਿਵਾਸ ਅਤੇ ਪਰਿਵਾਰ ਨੂੰ ਇਸ ਦੁੱਖ ਨੂੰ ਝੱਲਣ ਦਾ ਬਲ ਬਖਸ਼ੇ। ਅੰਤ ਓਹਨਾ ਪਰਿਵਾਰ ਨੂੰ ਯਕੀਨ ਦਿਵਾਇਆ ਕਿ ਐਸੋਸੀਏਸ਼ਨ ਪਰਿਵਾਰ ਨਾਲ ਹਮੇਸ਼ਾਂ ਸੁੱਖ ਦੁੱਖ ਦੇ ਸਾਥੀ ਬਣੇਗੀ।

# ਓਟ ਸੈਂਟਰਾਂ ਦਵਾਈ ਦੀ ਵੰਡ ਕੈਮਰਿਆਂ ਦੀ ਨਿਗਰਾਨੀ ਹੇਠ ਕਰਨ ਲਈ ਡਿਪਟੀ ਕਮਿਸ਼ਨਰ ਨੇ ਸੈਕਟਰੀ ਸਿਹਤ

ਅੰਮ੍ਰਿਤਸਰ (ਲੋਕ ਬਾਣੀ)

ਪੰਜਾਬ ਸਰਕਾਰ ਵੱਲੋਂ ਓਟ ਸੈਂਟਰਾਂ ਵਿੱਚ ਨਸ਼ੇ ਦੇ ਰੋਗੀਆਂ ਨੂੰ ਦਿੱਤੀ ਜਾਣ ਵਾਲੀ ਦਵਾਈ, ਬੁਪ੍ਰੇਨੋਰਫਾਈਨ ਕੈਮਰਿਆਂ ਦੀ ਨਿਗਰਾਨੀ ਹੇਠ ਕਰਨ ਲਈ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਨੇ ਸਿਹਤ ਵਿਭਾਗ ਦੇ ਮੁੱਖ ਸਕੱਤਰ ਸ੍ਰੀ ਅਜੋਏ ਸ਼ਰਮਾ ਨੂੰ ਪੱਤਰ ਲਿਖਿਆ ਹੈ। ਆਪਣੇ ਪੱਤਰ ਵਿੱਚ ਉਹਨਾਂ ਲਿਖਿਆ ਕਿ ਜ਼ਿਲ੍ਹਾ ਪੱਧਰੀ ਐਨ.ਸੀ. ਓ ਆਰ.ਡੀ. ਦੀ ਮੀਟਿੰਗ ਦੌਰਾਨ ਸਾਹਮਣੇ ਆਇਆ ਹੈ ਕਿ ਨਸ਼ੇ ਦੇ ਆਦੀ ਮਰੀਜਾਂ ਨੂੰ ਵੰਡੀ ਜਾਣ ਵਾਲੀ ਬੁਪ੍ਰੇਨੋਰਫਾਈਨ ਨੂੰ ਖਾਣ ਦੀ ਬਜਾਏ ਬਜ਼ਾਰ ਵਿੱਚ ਵੇਚ ਰਹੇ ਹਨ। ਇਹ ਇੱਕ ਨਾਜ਼ੁਕ ਮੁੱਦਾ ਹੈ,ਜੋ ਸਾਡੇ ਜ਼ਿਲ੍ਹੇ ਵਿੱਚ ਨਸ਼ਾਖੋਰੀ ਦਾ ਮੁਕਾਬਲਾ ਕਰਨ ਲਈ ਸਾਡੇ ਯਤਨਾਂ ਦੀ ਪ੍ਰਭਾਵਸ਼ੀਲਤਾ ਨੂੰ ਕਮਜ਼ੋਰ ਕਰਦਾ ਹੈ। ਉਹਨਾਂ ਲਿਖਿਆ ਕਿ

ਇਸ ਚਿੰਤਾ ਨੂੰ ਦੂਰ ਕਰਨ ਲਈ ਸਰਕਾਰੀ ਓਟ ਕੇਂਦਰਾਂ ਤੇ ਸੀਸੀਟੀਵੀ ਕੈਮਰੇ ਲਗਾਏ ਜਾਣ, ਜਿੱਥੇ ਮਰੀਜ਼ਾਂ ਨੂੰ ਬੁਪ੍ਰੇਨੋਰਫਾਈਨ ਦਿੱਤੀ ਜਾਂਦੀ ਹੈ। ਉਨਾਂ ਦੱਸਿਆ ਕਿ ਇਹ ਉਪਾਅ ਨਾ ਸਿਰਫ਼ ਦਵਾਈਆਂ ਦੀ ਦੁਰਵਰਤੋਂ ਨੂੰ ਘਟਾਉਣ ਵਿੱਚ ਮਦਦ ਕਰੇਗਾ ਬਲਕਿ ਵੰਡ ਪ੍ਰਕਿਰਿਆ ਵਿੱਚ ਜਵਾਬਦੇਹੀ ਅਤੇ ਪਾਰਦਰਸ਼ਤਾ ਨੂੰ ਵੀ ਯਕੀਨੀ ਬਣਾਏਗਾ। ਆਪਣੇ ਲੋਕ ਸਭਾ ਚੋਣਾਂ ਦੌਰਾਨ ਕੀਤੇ ਤਜ਼ਰਬੇ ਨੂੰ ਸਾਂਝੇ ਕਰਦੇ ਡਿਪਟੀ ਕਮਿਸ਼ਨਰ ਨੇ ਲਿਖਿਆ ਕਿ ਹਰੇਕ ਵੰਡ ਸਥਾਨ ਤੇ ਸੀਸੀਟੀਵੀ ਕੈਮਰੇ ਲਗਾਉਣ ਦੀ ਲਾਗਤ ਲਗਭਗ 5000-7000 ਰੁਪਏ ਦੇ ਵਿਚਕਾਰ ਹੋਣ ਦਾ ਅਨੁਮਾਨ ਹੈ। ਸਾਡੇ ਜ਼ਿਲੇ ਦੀਆਂ ਲੋੜਾਂ ਦੇ ਮੱਦੇਨਜ਼ਰ 4-5 ਲੱਖ ਰੁਪਏ ਨਿਰਧਾਰਤ ਕਰਨਾ ਸਾਰੇ ਸੰਬੰਧਿਤ ਸਥਾਨਾਂ ਤੇ ਇੰਸਟਾਲੇਸ਼ਨ ਲਾਗਤਾਂ ਨੂੰ ਪੂਰਾ ਕਰਨ ਲਈ ਕਾਫੀ ਹੋਵੇਗਾ।



ਉਹਨਾਂ ਕਿਹਾ ਕਿ ਇਸ ਨਾਲ ਬੁਪ੍ਰੇਨੋਰਫਾਈਨ ਦੀ ਦੁਰਵਰਤੋਂ ਅਤੇ ਗੈਰ-ਕਾਨੂੰਨੀ ਬਾਜ਼ਾਰ ਨੂੰ ਰੋਕਿਆ ਜਾ ਸਕੇਗਾ ਅਤੇ ਸਾਡੇ ਯਤਨਾਂ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਵੀ ਵਧਾਏਗਾ।

ਰੋਜ਼ਾਨਾ ਲੋਕ ਬਾਣੀ www.lokbani

# ਰਿਜਨਲ ਸਟੇਸ਼ਨ, ਗੁਰਦਾਸਪੁਰ ਵਿਖੇ ਕਿਸਾਨ ਮੇਲਾ 18 ਸਤੰਬਰ ਨੂੰ

ਗੁਰਦਾਸਪੁਰ-ਨਵਨੀਤ ਕੁਮਾਰ -

ਕੁਦਰਤੀ ਸੋਮੇ ਬਚਾਉ ਅਤੇ ਸਭ ਨੂੰ ਖੁਸ਼ਹਾਲ ਬਣਾਉ ਦੇ ਓਦੇਸ਼ ਨਾਲ ਰਿਜਨਲ ਕਿਸ਼ਾਨ ਮੇਲਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਰਿਜਨਲ ਸਟੇਸ਼ਨ ਗੁਰਦਾਸਪੁਰ ਵਿਖੇ 18 ਸਤੰਬਰ 2024 ਦਿਨ ਬੁੱਧਵਾਰ ਲਗਾਇਆ ਜਾ ਰਿਹਾ ਹੈ। ਇਸ ਮੇਲੇ ਵਿੱਚ ਹਾੜੀ ਦੀਆਂ ਫ਼ਸਲਾਂ ਦੇ ਸੁਧਰੇ ਬੀਜ, ਫਲ਼ਦਾਰ ਬੂਟੇ ਅਤੇ ਸਬਜੀਆਂ ਦੀ ਪਨੀਰੀ ਮੁਹੱਈਆ ਕਰਵਾਈ ਜਾਏਗੀ। ਵੱਖ ਵੱਖ ਵਿਸ਼ਾ ਮਾਹਿਰਾ ਵੱਲੋ ਹਾੜੀ ਦੀਆਂ ਫ਼ਸਲਾਂ ਦੀ ਕਾਸ਼ਤ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਜਾਏਗੀ ਅਤੇ ਕਿਸ਼ਾਨਾਂ ਦੀਆਂ ਖੇਤੀ ਮੁਸਕਿਲਾਂ ਬਾਰੇ ਸੁਆਲ-ਜੁਆਬ ਵੀ ਹੋਣਗੇ। ਇਸ ਤੋ ਇਲਾਵਾ ਪੀ ਏ ਯੂ ਅਤੇ ਪ੍ਰਾਈਵੇਟ ਕੰਪਨੀਆਂ ਵੱਲੋ ਸਟਾਲ/ਪ੍ਰਦਰਸਨੀਆਂ ਵੀ ਲਗਾਏ ਜਾਣਗੇ, ਜਿਸ ਵਿੱਚ ਕਿਸਾਨ ਵੀਰਾਂ ਅਤੇ ਬੀਬੀਆਂ ਲਏ ਬਹੁਤ ਕੀਮਤੀ ਜਾਣਕਾਰੀ ਹੋਏਗੀ। ਇਸ ਲਈ ਕਿਸ਼ਾਨ ਵੀਰਾਂ ਅਤੇ ਭੈਣਾ ਨੂੰ 18 ਸਤੰਬਰ 2024 ਦਿਨ ਬੁੱਧਵਾਰ ਨੂੰ ਕਿਸਾਨ ਮੇਲੇ ਵਿੱਚ ਹੁੰਮ ਹਮਾ ਕਿ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਪੰਜਾਬ 'ਚ ਉਚੇਰੀ ਸਿੱਖਿਆ ਨੂੰ ਨਜ਼ਰ ਅੰਦਾਜ਼ ਕਰ ਰਹੀ ਭਗਵੰਤ ਮਾਨ ਸਰਕਾਰ : ਡਾ. ਯੋਗੇਸ਼ ਸ਼ਰਮਾ

## ਡਾ. ਮੀਨਾਕਸ਼ੀ ਨੇ 95 ਫੀਸਦੀ ਗਰਾਂਟ ਬਹਾਲ ਕਰਨ ਦੀ ਕੀਤੀ ਮੰਗ

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਪੰਜਾਬ ਅਤੇ ਚੰਡੀਗੜ੍ਹ ਕਾਲਜ ਟੀਚਰਜ਼ ਯੂਨੀਅਨ (ਪੀ.ਸੀ.ਸੀ.ਟੀ.ਯੂ.) ਦੀ ਸੂਬਾ ਇਕਾਈ ਦੇ ਸੱਦੇ 'ਤੇ ਪੰਜਾਬ ਭਰ ਦੇ 136 ਸਹਾਇਕ ਕਾਲਜ ਅਧਿਆਪਕਾਂ ਨੇ ਸੂਬਾ ਸਰਕਾਰ ਵੱਲੋਂ ਉਚੇਰੀ ਸਿੱਖਿਆ ਪ੍ਰਤੀ ਕੀਤੀ ਜਾ ਰਹੀ ਅਣਦੇਖੀ ਦੇ ਰੋਸ ਵਜੋਂ ਅਧਿਆਪਕ ਦਿਵਸ ਮੌਕੇ ਕਾਲੇ ਬਿੱਲੇ ਲਗਾਏ ਅਤੇ ਦੋ ਪੀਰੀਅਡ ਦੀ ਹੜਤਾਲ ਕਰਕੇ ਧਰਨਾ ਦਿੱਤਾ। ਰੋਸ ਧਰਨੇ ਦੌਰਾਨ ਯੂਨੀਅਨ ਦੀ ਜ਼ਿਲ੍ਹਾ ਕਪੂਰਥਲਾ ਇਕਾਈ ਦੇ ਪ੍ਰਧਾਨ ਡਾ. ਯੋਗੇਸ਼ ਸ਼ਰਮਾ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਅਧਿਆਪਕ ਦਿਵਸ 'ਤੇ ਉਨ੍ਹਾਂ ਨੂੰ ਪੰਜਾਬ ਦੀ ਮੌਜੂਦਾ ਸਰਕਾਰ ਨੂੰ ਦੱਸਣਾ ਪੈ ਰਿਹਾ ਹੈ ਕਿ ਉਹ ਪੰਜਾਬ ਦੀ ਉੱਚ ਸਿੱਖਿਆ ਨੂੰ ਤਬਾਹ ਕਰਨ ਵੱਲ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 5 ਸਤੰਬਰ 2022 ਨੂੰ ਸੱਤਵਾਂ ਪੇ-ਸਕੇਲ ਲਾਗੂ ਕਰਨ ਦਾ ਐਲਾਨ ਕੀਤਾ ਗਿਆ ਸੀ ਪਰ ਮੰਦਭਾਗੀ ਗੱਲ ਇਹ ਹੈ ਕਿ ਦੋ ਸਾਲ ਬੀਤ ਜਾਣ ਤੋਂ ਬਾਅਦ ਵੀ ਇਹ ਤਨਖਾਹ ਸਕੇਲ ਲਾਗੂ ਨਹੀਂ ਕੀਤਾ ਗਿਆ। ਉਨ੍ਹਾਂ ਡੀ.ਪੀ.ਆਈ. ਦਫ਼ਤਰ ਦੀ ਕਾਰਜ ਸਮਰੱਥਾ 'ਤੇ ਵੀ ਵੱਡਾ ਸਵਾਲ ਖੜ੍ਹਾ ਕਰਦਿਆਂ ਕਿਹਾ ਕਿ ਕਈ-ਕਈ ਸਾਲ ਪੁਰਾਣੀਆਂ ਫਾਈਲਾਂ ਮੇਜ਼ 'ਤੇ ਧੂੜ ਫੱਕਦੀਆਂ ਰਹਿੰਦੀਆਂ ਹਨ ਪਰ ਪਾਸ ਨਹੀਂ ਹੁੰਦੀਆਂ। ਇਸ ਸਬੰਧੀ ਮੁੱਖ ਮੰਤਰੀ ਨੂੰ ਸ਼ਿਕਾਇਤ ਭੇਜਣ ਦੇ ਬਾਵਜੂਦ ਨਤੀਜਾ ਜ਼ੀਰੋ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਡੀ.ਪੀ.ਆਈ. ਵਿਭਾਗ ਆਪਣਾ ਕੰਮ ਇਮਾਨਦਾਰੀ ਨਾਲ ਕਰੇ, ਨਹੀਂ ਤਾਂ ਪੀ.ਸੀ.






ਸੀ.ਟੀ.ਯੂ. ਦੇ ਬੈਨਰ ਹੇਠ ਵੱਡਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਸਕੱਤਰ ਡਾ: ਮੀਨਾਕਸ਼ੀ ਵਿਨਾਇਕ ਨੇ ਵੀ ਸਰਕਾਰ ਦੀ ਇਸ ਨੀਤੀ 'ਤੇ ਤਿੱਖਾ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ 'ਤੇ ਏਡਿਡ ਕਾਲਜਾਂ ਵਿਚ 1925 ਅਸਾਮੀਆਂ ਭਰੀਆਂ ਸਨ, ਪਰ ਇਸ ਦੇ ਨਾਲ ਹੀ ਗ੍ਰਾਂਟ ਨੂੰ 95 ਫੀਸਦੀ ਤੋਂ ਘਟਾ ਕੇ 75 ਫੀਸਦੀ ਕਰ ਦਿੱਤਾ। ਜਿਸ ਦਾ ਅਸਰ ਕਾਲਜਾਂ 'ਤੇ ਵਿੱਤੀ ਬੋਝ ਦੇ ਰੂਪ ਵਿੱਚ ਪਿਆ। ਨਤੀਜੇ ਵਜੋਂ ਸਹਾਇਤਾ ਪ੍ਰਾਪਤ ਕਾਲਜਾਂ ਲਈ ਅਧਿਆਪਕਾਂ ਨੂੰ ਤਨਖਾਹਾਂ ਦੇਣੀਆਂ ਮੁਸ਼ਕਲ ਹੋ ਗਈਆਂ ਹਨ। ਇਸ ਲਈ ਉਹ ਯੂਨੀਅਨ ਦੀ ਤਰਫੋਂ ਮੰਗ ਕਰਦੇ ਹਨ ਕਿ 95 ਫੀਸਦੀ ਗਰਾਂਟ ਬਹਾਲ ਕੀਤੀ ਜਾਵੇ

ਰੋਜ਼ਾਨਾ ਲੋਕ ਬਾਣੀ www.lokbani

# ਕੇਦਰੀ ਰਾਜ ਮੰਤਰੀ ਵਲੋਂ ਕ੍ਰੇਸ਼ਤੀਆਂ ਖਾਦੀ ਮੰਡਲ ਖਰੜ ਦਾ ਦੌਰਾ ਕਰਕੇ ਲਿਆ ਜਾਇਜ਼ਾ



ਖਰੜ, (ਕਾਲਾ ਸਿੰਘ ਸੈਣੀ):- ਕ੍ਰੇਸ਼ਤੀਆਂ ਖਾਦੀ ਮੰਡਲ ਖਰੜ ਵਿਚ ਖਾਦੀ ਨਾਲ ਤਿਆਰ ਕੀਤੀਆਂ ਜਾਂਦੀਆਂ ਵਸਤਾਂ ਅਤੇ ਹੋਰ ਕੰਮਾਂ ਦਾ ਜਾਇਜ਼ਾ ਲੈਣ ਲਈ ਭਾਰਤ ਸਰਕਾਰ ਦੇ ਕੇਦਰੀ ਰਾਜ ਮੰਤਰੀ ਸੋਭਾ ਕਰੰਦਲਾਜ਼ੇ ਵਲੋਂ ਦੌਰਾ ਕੀਤਾ ਗਿਆ। ਇਸ ਤੋਂ ਪਹਿਲਾਂ ਕੇਦਰੀ ਰਾਜ ਮੰਤਰੀ ਦਾ ਖਾਦੀ ਮੰਡਲ ਖਰੜ ਵਿਚ ਪਹੁੰਚਣ ਤੇ ਅਧਿਕਾਰੀਆਂ ਵਲੋਂ ਗੁਲਦਸਤਾ ਦੇ ਕੇ ਸਵਾਗਤ ਕੀਤਾ ਗਿਆ ਅਤੇ ਉਨਾਂ ਉਪਰੰਤ ਮਹਾਤਮਾ ਗਾਂਧੀ ਦੀ ਤਸਵੀਰ ਤੇ ਫੁੱਲ ਭੇਂਟ ਕੀਤੇ ਅਤੇ ਜੋਤ ਜਗਾਈ। ਕੇਦਰੀ ਮੰਤਰੀ ਵਲੋਂ ਖਾਦੀ ਮੰਡਲ ਵਿਚ ਕੀਤੇ ਜਾ ਰਹੇ ਚਰਖੇ ਨਾਲ ਕਤਾਈ ਦੇ ਕੰਮ ਨੂੰ ਵੇਖਿਆ ਅਤੇ ਸੂਤ ਕੱਤਣ ਵਾਲਿਆਂ ਨਾਲ ਵੀ ਗੱਲਬਾਤ ਕੀਤੀ। ਉਨਾਂ ਖਾਦੀ ਮੰਡਲ ਵਿਚ ਸੂਤ ਕਤਾਈ ਅਤੇ ਹੋਰ ਕੰਮ ਕਰਨ ਵਾਲਿਆਂ ਨੂੰ ਬੇਨਤੀ ਕੀਤੀ ਕਿ ਉਹ ਆਪਣੇ ਪਰਿਵਾਰਾਂ ਅਤੇ ਹੋਰ ਆਪਣੇ ਸਾਥੀਆਂ ਨੂੰ ਖਾਦੀ ਨਾਲ ਜੋੜਨ ਤਾਂ ਜੋ ਖਾਦੀ ਨੂੰ ਹੋਰ ਪ੍ਰਫੁਲਿੱਤ ਕੀਤਾ ਜਾ ਸਕੇ। ਉਨਾਂ ਖਾਦੀ ਮੰਡਲ ਦੇ ਵੱਖ ਵੱਖ ਸਟੋਰਾਂ ਜਿਸ ਵਿਚ ਖਾਦੀ ਨਾਲ ਸਬੰਧਤ ਵਸਤਾਂ ਤਿਆਰ ਕੀਤੀਆਂ ਜਾਂਦੀਆਂ ਹਨ ਦਾ ਮੌਕੇ ਤੇ ਜਾਇਜ਼ਾ ਲਿਆ। ਇਸ ਮੌਕੇ ਪੰਜਾਬ ਸਰਕਾਰ ਦੇ ਖਾਦੀ ਵਿਭਾਗ ਦੇ ਡਾਇਰੈਕਟਰ ਮੋਹਿਮ, ਖਾਦੀ ਮੰਡਲ ਖਰੜ ਦੇ ਪ੍ਰਧਾਨ ਦੇਵੀ ਦਾਸ ਭਾਰਦਵਾਜ਼, ਸਕੱਤਰ ਸੋਹਨ ਲਾਲ, ਮੋਹਾਲੀ ਦੇ ਐਸ.ਡੀ.ਐਮ. ਦਿਪਾਂਕਰ ਗਰਗ, ਡੀ.ਐਸ.ਪੀ.ਕਰਨ ਸਿੰਘ ਸੰਧੂ,ਤਹਿਸੀਲਦਾਰ ਖਰੜ ਨਵਪ੍ਰੀਤ ਸਿੰਘ ਸ਼ੇਰਗਿੱਲ,ਭਾਜਪਾ ਦੇ ਸੀਨੀਅਰ ਆਗੂ ਖੁਸਵੰਤ ਰਾਏ ਗੀਗਾ, ਸੁਭਾਸ਼ ਅਗਰਵਾਲ, ਵਿਜੈ ਗੁਪਤਾ ਸਮੇਤ ਹੋਰ ਖਾਦੀ ਮੰਡਲ ਦੇ ਅਧਿਕਾਰੀ ਅਤੇ ਸਟਾਫ ਮੈਂਬਰ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਲੈਕਚਰਾਰ ਕਮਲੇਸ਼ ਕੁਮਾਰੀ ਘੇੜਾ ਨੂੰ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਵੱਲੋਂ ਰਾਜ ਪੁਰਸਕਾਰ ਨਾਲ ਕੀਤਾ ਸਨਮਾਨਿਤ

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਹੁਸ਼ਿਆਰਪੁਰ ਵਿਖੇ ਮਨਾਏ ਸੂਬਾ ਪੱਧਰੀ ਅਧਿਆਪਕ ਦਿਵਸ ਮੌਕੇ ਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਗਵਾੜਾ ਦੀ ਲੈਕਚਰਾਰ ਕਮਲੇਸ਼ ਕੁਮਾਰੀ ਘੇੜਾ ਨੂੰ ਸਟੇਟ ਅਵਾਰਡ ਨਾਲ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਵੱਲੋਂ ਪ੍ਰਸ਼ੰਸਾ ਪੱਤਰ, ਮੈਡਲ ਅਤੇ ਦੁਸ਼ਾਲਾ ਪਹਿਨਾ ਕੇ ਸਟੇਟ ਅਵਾਰਡ ਨਾਲ ਸਨਮਾਨਿਤ ਕੀਤਾ । ਲੈਕਚਰਾਰ ਕਮਲੇਸ਼ ਕੁਮਾਰੀ ਘੇੜਾ ਸਿੱਖਿਆ ਦੇ ਖੇਤਰ ਵਿੱਚ ਨਾਮਵਰ ਸ਼ਖਸ਼ੀਅਤ ਸਟੇਟ ਅਵਾਰਡੀ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ ਦੀ ਧਰਮ ਪਤਨੀ ਹੈ ਹੁਣ ਫਗਵਾੜਾ ਵਿੱਚ ਪਹਿਲਾ ਪਤੀ ਪਤਨੀ ਅਧਿਆਪਕ ਸਟੇਟ ਅਵਾਰਡੀ ਜੋੜਾ ਬਣਿਆ ਹੈ ਕਮਲੇਸ਼ ਕੁਮਾਰੀ ਨੇ ਆਪਣੀਆਂ ਪ੍ਰਾਪਤੀਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੂੰ ਸਮਰਪਿਤ ਭਾਵਨਾ ਨਾਲ ਪੜ੍ਹਾ ਕੇ ਉੱਚੇ ਮੁਕਾਮ ਤੱਕ ਲਿਆਉਣਾ, ਬੱਚਿਆਂ ਦੇ ਸਰਬਪੱਖੀ ਵਿਕਾਸ ਵਿੱਚ ਯੋਗਦਾਨ ਪਾਉਣਾ, ਪਿਛਲੇ ਪੰਜ ਸਾਲਾਂ ਦੇ ਦੌਰਾਨ 67% ਵਿਦਿਆਰਥੀਆਂ ਨੂੰ 80 ਤੋਂ 100% ਅੰਕਾਂ ਵਿੱਚ ਲਿਆਉਣਾ, ਹੁਣ ਤੱਕ 11 ਤੋਂ ਵੱਧ ਵਿਦਿਆਰਥੀਆਂ ਨੂੰ ਵੱਖ- ਵੱਖ ਵਿਭਾਗਾਂ ਵਿੱਚ ਸਰਕਾਰੀ ਨੌਕਰੀਆਂ ਪ੍ਰਾਪਤ ਕਰਨ ਦੇ ਯੋਗ ਬਣਾਉਣਾ,ਵਿਦਿਆਰਥੀਆਂ ਨੂੰ ਮੁਫ਼ਤ ਵਿੱਦਿਆ ਦੇਣ ਲਈ ਯੂਟਿਊਬ ਚੈਨਲ, ਪੀਐੱਮ ਈ ਵਿੱਦਿਆ ਚੈਨਲ, ਟੀ. ਵੀ. ਚੈਨਲ ਅਤੇ ਹੋਰ ਸਾਧਨਾਂ ਰਾਹੀਂ ਬੱਚਿਆਂ ਨੂੰ ਪੜ੍ਹਾਉਣਾ, ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵੱਖ - ਵੱਖ ਸਮਾਜਿਕ ਮੁੱਦਿਆਂ ਤੇ ਆਰਟੀਕਲ ਲਿਖਣਾ, ਸਕੂਲ ਵਿੱਚ ਆਪਣੇ ਯਤਨਾਂ ਸਦਕਾ ਇਕਨਾਮਿਕਸ ਵਿਸ਼ੇ ਦੀ ਲਾਇਬ੍ਰੇਰੀ ਸਥਾਪਿਤ ਕਰਨਾ ਅਤੇ ਵਿਦਿਆਰਥੀਆਂ ਨੂੰ ਮੁਫ਼ਤ ਕਿਤਾਬਾਂ ਦੇਣਾ, ਵਿਦਿਆਰਥੀਆਂ ਨੂੰ ਪੜ੍ਹਾ ਕੇ ਪੰਜਾਬ ਸਕੂਲ ਸਿੱਖਿਆ ਬੋਰਡ ਮੈਰਿਟ ਲਿਸਟ ਵਿੱਚ ਲਿਆਉਣਾ, ਅਤੇ ਸਕੂਲ ਦੇ ਕਾਰਜਾਂ ਅਤੇ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਾ ਆਦਿ ਪ੍ਰਾਪਤੀਆਂ ਸਦਕਾ ਉਹਨਾਂ ਨੂੰ ਸਟੇਟ ਅਵਾਰਡ ਦਿੱਤਾ ਗਿਆ।ਉਨਾਂ ਨੇ ਇਸ ਅਵਾਰਡ ਲਈ ਆਪਣੇ ਪਤੀ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ, ਸਕੂਲ ਦੇ ਪ੍ਰਿੰਸੀਪਲ ਮੀਨੂੰ ਗੁਪਤਾ ਅਤੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਸਿਹਰਾ ਦਿੰਦਿਆਂ ਹੋਇਆ ਕਿਹਾ ਕਿ, ਇਹ ਅਵਾਰਡ ਮੈਂ ਆਪਣੇ ਪਿਆਰੇ ਵਿਦਿਆਰਥੀਆਂ ਨੂੰ ਸਮਰਪਿਤ ਸਮਰਪਿਤ ਕਰਦੀ ਹਾਂ ਜਿਨ੍ਹਾਂ ਨੇ ਪੰਜਾਬ ਬੋਰਡ ਦੀ ਮੈਰਿਟ ਵਿੱਚ ਸਥਾਨ ਪ੍ਰਾਪਤ ਕੀਤੇ। ਸਟੇਟ ਅਵਾਰਡੀ ਘੇੜਾ ਪਰਿਵਾਰ ਨੂੰ ਵੱਖ-ਵੱਖ ਰਾਜਨੀਤਿਕ,ਧਰਮਿਕ ਅਤੇ ਸਮਾਜਿਕ ਜਥੇਬੰਦੀਆਂ ਵੱਲੋਂ ਇਸ ਮਾਣਮੱਤੀ ਪ੍ਰਾਪਤੀ ਲਈ ਵਧਾਈਆਂ ਅਤੇ ਸ਼ੁਭਕਾਮਨਾਵਾਂ ਦੇਣ ਦਾ ਸਿਲਸਲਾ ਲਗਾਤਾਰ ਜਾਰੀ ਹੈ



# 1 ਕਿਲੋ ਗਾਜਾ ਸਮੇਤ ਦੋ ਵਿਅਕਤੀ ਪੁਲਿਸ ਅੜਿਕੇ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸ੍ਰੀਮਤੀ ਵਤਸਲਾ ਗੁਪਤਾ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਵਲੋ ਮਾੜੇ ਅਨਸਰਾ ਨੂੰ ਗ੍ਰਿਫਤਾਰ ਕਰਨ ਲਈ ਚਲਾਈ ਮੁਹਿੰਮ ਤਹਿਤ,ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਿਸ ਕਪਤਾਨ ਸਬ-ਡਵੀਜਨ ਫਗਵਾੜਾ ਅਤੇ ਜਸਪ੍ਰੀਤ ਸਿੰਘ ਉਪ-ਪੁਲਿਸ ਫਗਵਾੜਾ ਦੀ ਯੋਗ ਅਗਵਾਈ ਹੇਠ ਮੁੱਖ ਅਫਸਰ ਥਾਣਾ ਸਤਨਾਮਪੁਰਾ ਇੰਸਪੈਕਟਰ ਗੋਰਵ ਧੀਰ ਦੀ ਨਿਗਰਾਨੀ ਹੇਠ ਏ.ਐਸ.ਆਈ ਦਰਸ਼ਨ ਸਿੰਘ 119/ਕਪੂ: ਸਮੇਤ ਸਾਥੀ ਕਰਮਚਾਰੀਆ ਦੇ ਦੌਰਾਨੇ ਗਸ਼ਤ ਰਾਜ ਕੁਮਾਰ ਸ਼ਾਹ ਪੁੱਤਰ ਰਾਮ ਸਰੂਪ ਸ਼ਾਹ ਵਾਸੀ ਮਕਸੂਦਪੁਰ ਥਾਣਾ ਹਾਇਆਘਾਟ ਜਿਲਾ ਦਰ ਬੰਗਾ ਸਟੇਟ ਬਿਹਾਰ ਹਾਲ ਵਾਸੀ ਖਜੂਰਲਾ ਥਾਣਾ ਸਦਰ ਫਗਵਾੜਾ ਜਿਲਾ ਕਪੂਰਥਲਾ, ਰਾਮ ਪ੍ਰਸਾਦ ਦਾਸ ਪੁੱਤਰ ਮਕੋਦਾਸ ਵਾਸੀ ਬਿੱਧੀ ਪੱਟੀ ਥਾਣਾ ਬਹਾਦਰਪੁਰ ਜਿਲਾ ਦਰਬੰਗਾ ਸਟੇਟ ਬਿਹਾਰ ਹਾਲ ਵਾਸੀ ਖਜੂਰਲਾ ਥਾਣਾ ਸਦਰ ਫਗਵਾੜਾ ਜਿਲਾ ਕਪੂਰਥਲਾ ਪਾਸੋ 500/500 ਗਰਾਮ ਗਾਜਾ ਬ੍ਰਾਮਦ ਕਰਕੇ ਖਿਲਾਫ ਮੁਕੱਦਮਾ ਨੰਬਰ 114 ਮਿਤੀ 05.09.2024 ਅ/ਧ 20-61-85 ਐਨ.ਡੀ.ਪੀ.ਐਸ ਐਕਟ ਥਾਣਾ ਸਤਨਾਮਪੁਰਾ ਫਗਵਾੜਾ ਜਿਲਾ ਕਪੂਰਥਲਾ ਦਰਜ ਰਜਿਸਟਰ ਕਰਕੇ ਗ੍ਰਿਫਤਾਰ ਕੀਤਾ ਗਿਆ

# ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋ ਗੋਇੰਦਵਾਲ ਸਾਹਿਬ ਤੱਕ ਅੱਜ ਸਜਾਇਆ ਜਾਵੇਗਾ ਨਗਰ ਕੀਰਤਨ, ਪ੍ਰਬੰਧ ਮੁਕੰਮਲ-: ਭਾਈ ਚਾਵਲਾ



ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋ ਨਿਮਾਣਿਆਂ ਦੇ ਮਾਣ ਨਿਤਾਣਿਆਂ ਦੇ ਤਾਣ ਸਾਹਿਬ ਸ੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ ਜੋਤ ਦਿਵਸ ਅਤੇ ਸੋਢੀ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਰਾਮ ਦਾਸ ਜੀ ਦੇ 450 ਸਾਲਾ ਗੁਰਤਾ ਗੱਦੀ ਦਿਵਸ ਨੂੰ ਸਮਰਪਤ ਸ੍ਰੀ ਅਨੰਦਪੁਰ ਸਾਹਿਬ ਤੋਂ ਗੋਇੰਦਵਾਲ ਸਾਹਿਬ ਤਕ ਸਜਾਏ ਜਾ ਰਹੇ ਵਿਸ਼ਾਲ ਨਗਰ ਕੀਰਤਨ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ।

ਭਾਈ ਚਾਵਲਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦਸਿਆ ਕਿ ਇਸ ਨਗਰ ਕੀਰਤਨ ਪ੍ਰਤੀ ਸੰਗਤਾਂ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਉਹਨਾਂ ਦੱਸਿਆ ਕਿ 50 ਤੋਂ ਵਧ ਬੱਸਾ ਅਤੇ ਵੱਡੀ ਗਿਣਤੀ ਵਿਚ ਕਾਰਾਂ ਅਤੇ ਜੀਪਾਂ ਵੀ ਸ਼ਾਮਿਲ ਹੋਣਗੀਆਂ ।

ਉਹਨਾਂ ਦੱਸਿਆ ਕਿ ਇਹ ਨਗਰ ਕੀਰਤਨ ਅੱਜ 7 ਸਤੰਬਰ ਨੂੰ ਸਵੇਰੇ 7.30 ਵਜੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਚੱਲੇਗਾ।ਇਸ ਨਗਰ ਕੀਰਤਨ ਨੂੰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਜੀ ਅਰਦਾਸ ਕਰਨ ਉਪਰੰਤ ਰਵਾਨਾ ਕਰਨਗੇ ।

ਇਹ ਨਗਰ ਕੀਰਤਨ ਸ੍ਰੀ ਆਨੰਦਪੁਰ ਸਾਹਿਬ ਤੋ ਚੱਲ ਕੇ ਗੜ੍ਹਸ਼ੰਕਰ ਬੰਗਾ ਫਗਵਾੜਾ ਜਲੰਧਰ ਕਰਤਾਰਪੁਰ ਅਤੇ ਕਪੂਰਥਲਾ ਹੁੰਦਾ ਹੋਇਆ ਸ੍ਰੀ ਗੋਇੰਦਵਾਲ ਸਾਹਿਬ ਪੁੱਜੇਗਾ ।ਭਾਈ ਚਾਵਲਾ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿਚ ਸ਼ਾਮਿਲ ਹੋ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ।

# ਮੰਤਰੀ ਧਾਲੀਵਾਲ ਵੱਖ-ਵੱਖ ਪੰਚਾਇਤਾਂ ਨੂੰ ਕਰੀਬ 1 ਕਰੋੜ 10 ਲੱਖ ਰੁਪਏ ਦੇ ਵੰਡੇ ਚੈਕ



ਅੰਮ੍ਰਿਤਸਰ(ਲੋਕ ਬਾਣੀ) ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਦਾ ਸਰਵਪੱਖੀ ਵਿਕਾਸ ਕਰਨਾ ਹੈ ਅਤੇ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਹੈ ਤਾਂ ਜੋ ਪਿੰਡਾਂ ਦੇ ਲੋਕਾਂ ਦਾ ਵੀ ਜੀਵਨਪੱਧਰ ਉੱਚਾ ਉਠ ਸਕੇ।

ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ: ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਅਜਨਾਲਾ ਵਿਧਾਨਸਭਾ ਹਲਕੇ ਅਧੀਨ ਪੈਂਦੇ 19 ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਕਰੀਬ 1 ਕਰੋੜ 10 ਲੱਖ ਰੁਪਏ ਦੇ ਚੈਕ ਵੰਡਣ ਉਪਰੰਤ ਕੀਤਾ। ਉਨਾਂ ਸਮੂਹ ਪੰਚਾਇਤਾਂ ਨੂੰ ਕਿਹਾ ਕਿ ਉਹ ਇਨਾਂ ਪੈਸਿਆਂ ਨਾਲ ਆਪਣੇ ਪਿੰਡਾਂ ਦਾ ਵਿਕਾਸ ਕਰਨ ਅਤੇ ਵਿਸ਼ੇਸ਼ ਤੌਰ ਤੇ ਇਸ ਗੱਲ ਦਾ ਧਿਆਨ ਰੱਖਣ ਕਿ ਵਿਕਾਸ ਕਾਰਜ ਗੁਣਵੱਤਾ ਭਰਪੂਰ ਹੋਣੇ ਚਾਹੀਦੇ ਹਨ। ਉਨਾਂ ਕਿਹਾ ਕਿ ਇਹ ਪੈਸਾ ਤੁਹਾਡੇ ਲੋਕਾਂ ਦਾ ਪੈਸਾ ਹੈ ਅਤੇ ਸਰਕਾਰ ਇਹ ਪੈਸਾ ਤੁਹਾਡੇ ਤੇ ਹੀ ਖਰਚ ਕਰ ਰਹੀ ਹੈ। ਉਨਾਂ ਜੋਰ ਦਿੰਦਿਆਂ ਕਿਹਾ ਕਿ ਆਮ ਲੋਕਾਂ ਦਾ ਵੀ ਫਰਜ਼ ਬਣਦਾ ਹੈ ਕਿ ਉਹ ਵਿਕਾਸ ਕਾਰਜਾਂ ਦੀ ਨਿਗਰਾਨੀ ਕਰਨ ਅਤੇ ਜੇਕਰ ਕਿਤੇ ਕੋਈ ਅਣਗਹਿਲੀ ਪਾਈ ਜਾਂਦੀ ਹੈ ਤਾਂ ਤੁਰੰਤ ਮੇਰੇ ਧਿਆਨ ਵਿੱਚ ਲਿਆਉਣ। ਸ: ਧਾਲੀਵਾਲ ਨੇ ਗ੍ਰਾਮ ਪੰਚਾਇਤ ਨਵਾਂ ਡਾਲਾਂ ਰਾਜਪੂਤਾਂ ਨੂੰ 13 ਲੱਖ, ਸਾਹੋਵਾਲ ਨੂੰ 8 ਲੱਖ, ਸਮਰਾਏ ਭੰਡਾ, ਮੱਝੀਮਿਓਂ, ਡਾਬਰ ਬਸਤੀ, ਤਲਵੰਡੀ ਰਾਏ ਡੱਡੂ, ਖਾਨਵਾਲ, ਗ੍ਰੰਥ ਗੜ੍ਹ , ਗੱਗੋਮਾਹਲ ਨੂੰ 5-5 ਲੱਖ ਰੁਪਏ ਅਤੇ ਡਲਾਂ ਰਾਜਪੂਤਾਂ(ਪੂਤਨਪੁਰਾ) ਨੂੰ 10 ਲੱਖ, ਹਾਸ਼ਮਪੁਰਾ ਨੂੰ 4 ਲੱਖ, ਫੱਤੇਵਾਲ ਨੂੰ 8 ਲਾਖ, ਚੰਨਾ ਸਾਰੰਗ ਦੇਵ ਨੂੰ 4 ਲੱਖ, ਆਬਾਦੀ ਗੁੰਮਚਕ 7 ਲੱਖ, ਗ੍ਰਾਮ ਪੰਚਾਇਤ ਖਾਨਵਾਲ, ਸ਼ੇਖ ਭੱਟੀ, ਜੱਟਾਂ ਵਾਲੀ, ਹਾਸ਼ਮਪੁਰਾ ਨੂੰ 2-2 ਲੱਖ ਰੁਪਏ ਅਤੇ ਆਬਾਦੀ ਸੋਹਨ ਸਿੰਘ ਨੂੰ 7.64 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੇ ਚੈਕ ਵੰਡੇ। ਸ: ਧਾਲੀਵਾਲ ਨੇ ਗ੍ਰਾਮ ਪੰਚਾਇਤਾਂ ਨੂੰ ਕਿਹਾ ਕਿ ਉਹ ਪਿੰਡਾਂ ਵਿੱਚ ਹੋਣ ਵਾਲੇ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਵਾਉਣ। ਇਸ ਮੌਕੇ ਬੀ.ਡੀ. ਪੀ. ਓ. ਸ: ਸੁਖਜੀਤ ਸਿੰਘ ਬਾਜਵਾ ਵੀ ਹਾਜ਼ਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਧਾਰਮਿਕ ਅਸਥਾਨ ਤੋਂ ਗੋਲਕ ਚੋਰੀ ਕਰਨ ਵਾਲੇ ਅਨਸਰ ਨੂੰ ਥਾਣਾ ਰਾਵਲਪਿੰਡੀ ਪੁਲਿਸ ਨੇ ਕੀਤਾ ਕਾਬੂ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਐਸ.ਐਸ.ਪੀ. ਕਪੂਰਥਲਾ ਵਤਸਲਾ ਗੁਪਤਾ ਦੇ ਨਿਰਦੇਸ਼ਾਂ ਅਤੇ ਐਸ. ਪੀ. ਫਗਵਾੜਾ ਰੁਪਿੰਦਰ ਕੌਰ ਭੱਟੀ ਦੀ ਯੋਗ ਅਗਵਾਈ ਹੇਠ ਥਾਣਾ ਰਾਵਲਪਿੰਡੀ ਪੁਲਿਸ ਨੇ ਇਕ ਧਾਰਮਿਕ ਅਸਥਾਨ ਵਿਖੇ ਸੇਂਧਮਾਰੀ ਕਰਕੇ ਗੋਲਕ ਚੋਰੀ ਕਰਨ ਵਾਲੇ ਇਕ ਨੌਜਵਾਨ ਨੂੰ ਕਾਬੂ ਕੀਤਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਥਾਣਾ ਰਾਵਲਪਿੰਡੀ ਦੇ ਐਸ.ਐਚ.ਓ. ਇੰਸਪੈਕਟਰ ਬਲਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ 31 ਅਗਸਤ ਦੀ ਦਰਮਿਆਨੀ ਰਾਤ ਨੂੰ ਕੁਟੀਆ ਭਗਤ ਬਾਬਾ ਜਵਾਲਾ ਦਾਸ ਪਿੰਡ ਲੱਖਪੁਰ ਤੋਂ ਗੋਲਕ ਚੋਰੀ ਕਰਕੇ ਲੈ ਜਾਣ ਦੇ ਦੋਸ਼ੀ ਪ੍ਰਿੰਸ ਪੁੱਤਰ ਜਸਪਾਲ ਸਿੰਘ ਵਾਸੀ ਬੀੜ ਚੰਡੋਲੀ ਹਾਲ ਵਾਸੀ ਖੋਥਾ ਮੋੜ ਰਾਮਪੁਰ ਸੁਨੜਾ ਥਾਣਾ ਰਾਵਲਪਿੰਡੀ ਨੂੰ 980 ਰੁਪਏ ਨਗਦੀ ਸਮੇਤ ਗਿਰਫਤਾਰ ਕੀਤਾ ਗਿਆ ਹੈ ਉਹਨਾਂ ਦੱਸਿਆ ਕਿ ਦੋਸ਼ੀ ਦੀ ਤਸਵੀਰ ਧਾਰਮਿਕ ਅਸਥਾਨ 'ਤੇ ਲੱਗੇ ਕੈਮਰਿਆਂ ਵਿਚ ਕੈਦ ਹੋਈ ਗਈ ਸੀ ਅਤੇ ਸੂਚਨਾ ਦੇ ਅਧਾਰ ਤੇ ਪੁਲਿਸ ਪਾਰਟੀ ਨੇ ਏ.ਐਸ.ਆਈ. ਸੁਖਦੇਵ ਸਿੰਘ ਦੀ ਅਗਵਾਈ ਹੇਠ ਕਾਰਵਾਈ ਕਰਦੇ ਹੋਏ ਦੋਸ਼ੀ ਨੂੰ ਕਾਬੂ ਕੀਤਾ ਹੈ। ਉਹਨਾਂ ਦੱਸਿਆ ਕਿ ਚੋਰੀਸ਼ੁਦਾ ਗੋਲਕ ਬੇਈ ਪੁਲ ਰਾਵਲਪਿੰਡੀ ਤੋਂ ਬਰਾਮਦ ਕਰ ਲਈ ਗਈ ਹੈ ਐਸ.ਐਚ.ਓ. ਬਲਵਿੰਦਰ ਸਿੰਘ ਭੁੱਲਰ ਨੇ ਧਾਰਮਿਕ ਅਸਥਾਨਾ ਦੇ ਪ੍ਰਬੰਧਕਾਂ ਨੂੰ ਅਪੀਲ ਕੀਤੀ ਹੈ ਕਿ ਰਾਤ ਸਮੇਂ ਇਕ ਸੇਵਾਦਾਰ ਦੀ ਪੱਕੀ ਡਿਊਟੀ ਜਰੂਰ ਲਗਾਈ ਜਾਵੇ ਤਾਂ ਜੋ ਇਸ ਤਰ੍ਹਾਂ ਦੀਆਂ ਅਣਸੁਖਾਵੀਂ ਘਟਨਾਵਾਂ ਨੂੰ ਠੱਲ ਪਾਈ ਜਾ ਸਕੇ ਇਸ ਦੇ ਨਾਲ ਹੀ ਉਹਨਾਂ ਨੇ ਵਧੀਆ ਕੁਆਲਿਟੀ ਦੇ ਸੀ.ਸੀ.ਟੀ.ਵੀ ਕੈਮਰੇ ਤੇ ਲਾਈਟ ਦਾ ਪ੍ਰਬੰਧ ਕਰਨ ਦੀ ਹਦਾਇਤ ਵੀ ਕੀਤੀ ਹੈ

# 115 ਸ਼ਰਧਾਲੂਆਂ ਦਾ 44ਵਾਂ ਜੱਥਾ ਕਰਤਾਰਪੁਰ (ਪਾਕਿ:) ਲਈ ਭਲਕੇ ਹੋਵੇਗਾ ਰਵਾਨਾ

ਸ਼ਹੀਦ ਭਗਤ ਸਿੰਘ ਨਗਰ (ਰਮੇਸ਼ ਸ਼ਰਮਾ/ ਮਨਪ੍ਰੀਤ ਵਾਸੂ) ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਵਲੋਂ ਕਰਤਾਰਪੁਰ ਸਾਹਿਬ (ਪਾਕਿ:) ਦੀ ਲੜੀਵਾਰ ਯਾਤਰਾ ਨੂੰ ਨਿਰੰਤਰ ਜਾਰੀ ਰੱਖਦੇ ਹੋਏ ਕਲ ਮਿਤੀ 08 ਸਤੰਬਰ ਨੂੰ ਸ਼ਰਧਾਲੂਆਂ ਦਾ ਇਕ ਹੋਰ ਜੱਥਾ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅਸਥਾਨ ਗੁਰਦੁਆਰਾ ਦਰਬਾਰ ਸਾਹਿਬ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਰਵਾਨਾ ਕੀਤਾ ਜਾਵੇਗਾ। ਇਹ ਜਾਣਕਾਰੀ ਸਾਂਝੀ ਕਰਦੇ ਹੋਏ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸਰਪ੍ਰਸਤ ਭਾਈ ਸਰਬਜੀਤ ਸਿੰਘ ਅਤੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਦੱਸਿਆ ਕਿ ਇਹ ਜੱਥਾ ਐਤਵਾਰ ਸਵੇਰੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਦਫਤਰ ਤੋਂ ਸਵੇਰੇ ਚਾਰ ਵਜੇ ਬੱਸਾਂ ਰਾਹੀਂ ਡੇਰਾ ਬਾਬਾ ਨਾਨਕ ਲਈ ਪ੍ਰਸਥਾਨ ਕਰੇਗਾ। ਬਾਬਾ ਬਕਾਲਾ ਸਾਹਿਬ ਦਰਸ਼ਨ ਕਰਨ ਉਪਰੰਤ ਸੰਗਤਾਂ ਕਰਤਾਰਪੁਰ ਕਾਰੀਡੋਰ ਵਿਖੇ ਪਹੁੰਚਣਗੀਆਂ ਜਿੱਥੇ ਕਿ ਕਾਗਜ਼ੀ ਕਾਰਵਾਈ ਉਪਰੰਤ ਪਾਕਿਸਤਾਨ ਵਿਚ ਦਾਖਲ ਹੋਣਗੀਆਂ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵਲੋਂ ਯਾਤਰਾ ਲਈ ਸ਼ਰਧਾਲੂਆਂ ਦੀ ਬੁਕਿੰਗ ਤੋਂ ਲੈ ਕੇ ਵਾਪਸੀ ਤੱਕ ਦਾ ਸਮੁੱਚਾ ਪ੍ਰਬੰਧ ਕਰਨ ਨਾਲ ਸ਼ਰਧਾਲੂ ਹੁਣ ਕਾਫੀ ਰਾਹਤ ਮਹਿਸੂਸ ਕਰਦੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਢਾਈ ਸਾਲ ਦੌਰਾਨ ਹੁਣ ਤੱਕ 43



ਜੱਥੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਰਾਹੀਂ ਇਸ ਪਾਵਨ ਅਸਥਾਨ ਦੀ ਯਾਤਰਾ ਲਈ ਭੇਜੇ ਜਾ ਚੁੱਕੇ ਹਨ ਅਤੇ ਭਲਕੇ ਜਾਣ ਵਾਲਾ ਜੱਥਾ 44ਵਾਂ ਜੱਥਾ 115 ਮੈਂਬਰਾਂ ਦਾ ਹੋਵੇਗਾ। ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਉਪਰੰਤ ਸੰਗਤਾਂ ਸ਼ਾਮ ਨੂੰ ਵਾਪਿਸ ਪਰਤ ਆਉਣਗੀਆਂ। ਉਨਾਂ ਦੱਸਿਆ ਕਿ ਇਸ ਜੱਥੇ ਵਿਚ ਨਵਾਂਸ਼ਹਿਰ ਤੋਂ ਇਲਾਵਾ ਦੁਪਾਲਪੁਰ, ਮੁਸਾਪੁਰ, ਅਲੀਪੁਰ, ਧਮਾਈ, ਰਾਹੋਂ, ਭਾਰਟਾ ਖੁਰਦ, ਸਲੋਹ, ਬੜਵਾ, ਸੋਇਤਾ, ਸਹੁੰਗੜਾ, ਥਾਂਗਾ, ਜੱਬੋਵਾਲ, ਗੋਬਿੰਦਪੁਰ, ਚੱਬੇਵਾਲ ਅਤੇ ਬੜਾ ਪਿੰਡ ਤੋਂ ਇਲਾਵਾ ਹੋਰ ਵੀ ਪਿੰਡਾਂ ਦੇ ਸ਼ਰਧਾਲੂ ਸ਼ਾਮਲ ਹੋਣਗੇ।ਕਰਤਾਰਪੁਰ ਸਾਹਿਬ ਲਈ ਸੋਸਾਇਟੀ ਵਲੋਂ ਇਸ ਤੋਂ ਅਗਲਾ ਜੱਥਾ 2 ਅਕਤੂਬਰ ਨੂੰ ਭੇਜਿਆ ਜਾਵੇਗਾ।ਇਸ ਮੌਕੇ ਉਨਾ ਨਾਲ ਭਾਈ ਸਰਬਜੀਤ ਸਿੰਘ ਲੁਧਿਆਣੇ ਵਾਲੇ, ਦੀਦਾਰ ਸਿੰਘ ਗਹੂੰਣ ਸੇਵਾ ਮੁਕਤ ਡੀ ਐਸ ਪੀ, ਜਗਦੀਪ ਸਿੰਘ, ਗੁਰਦੇਵ ਸਿੰਘ ਗਹੂੰਣ, ਗਿਆਨ ਸਿੰਘ, ਹਰਜਿੰਦਰ ਸਿੰਘ ਆਕਲਿਆਣਾ, ਕਲਵਿੰਦਰ ਸਿੰਘ, ਮਨਮੋਹਨ ਸਿੰਘ, ਗੁਰਪ੍ਰੀਤ ਸਿੰਘ, ਦਲਜੀਤ ਸਿੰਘ ਸੈਣੀ ਅਤੇ ਹੋਰ ਮੈਂਬਰ ਵੀ ਮੌਜੂਦ ਸਨ।

# ਟ੍ਰੈਫ਼ਿਕ ਪੁਲਿਸ ਐਜੂਕੇਸ਼ਨ ਸੈਲ ਵੱਲੋਂ ਟਰੈਫਿਕ ਜਾਗਰੂਕਤਾ ਸੈਮੀਨਾਰ



ਗੁਰਦਾਸਪੁਰ-ਨਵਨੀਤ ਕੁਮਾਰ –
ਟ੍ਰੈਫ਼ਿਕ ਪੁਲਿਸ ਐਜੂਕੇਸ਼ਨ ਸੈਲ ਵੱਲੋਂ ਟਰੈਫਿਕ ਜਾਗਰੂਕਤਾ ਸੈਮੀਨਾਰ ਸ਼ਿਵਾਲਿਕ ਇੰਟਰਨੈਸ਼ਨਲ ਸਕੂਲ ਅਤੇ ਕਾਲਜ ਵਿਖੇ ਲਗਾਇਆ ਗਿਆ ਜਿਸ ਵਿੱਚ ਵਿਦਿਆਰਥੀਆਂ ਤੇ ਸਟਾਫ ਨੂੰ ਸ਼ਾਮਲ ਕਰਕੇ ਟ੍ਰੈਫ਼ਿਕ ਨਿਯਮਾਂ ਬਾਰੇ ਜਾਗਰੂਕ ਕੀਤਾ ਗਿਆ।


ਟ੍ਰੈਫ਼ਿਕ ਐਜੂਕੇਸ਼ਨ ਸੈਲ ਦੇ ਇੰਚਾਰਜ ਏ ਐਸ ਆਈ ਜਸਵਿੰਦਰ ਸਿੰਘ ਏ ਐਸ ਆਈ ਅਮਨਦੀਪ ਸਿੰਘ ਨੇ ਨਾਬਾਲਗ ਬੱਚਿਆਂ ਦੇ ਡਰਾਈਵਿੰਗ ਕਰਨ ਤੇ ਹੋਣ ਵਾਲੀ ਕਨੂੰਨੀ ਕਾਰਵਾਈ ਬਾਰੇ ਜਾਗਰੂਕ ਕੀਤਾ। ਐਕਸੀਡੈਂਟ ਪੀੜਤ ਵਿਅਕਤੀ ਦੀ ਮਦਦ ਲਈ ਪ੍ਰੇਰਿਤ ਕੀਤਾ ਗਿਆ ਸਾਊਂਡ ਪਰਦੂਸ਼ਣ ਬਾਰੇ ਜਾਗਰੂਕ ਕੀਤਾ ਗਿਆ ਅਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ। ਇਸ ਮੌਕੇ ਉਨ੍ਹਾਂ ਸਕੂਲੀ ਟਰਾਂਸਪੋਰਟ ਬਾਰੇ ਮਾਨਯੋਗ ਹਾਈਕੋਰਟ ਦੀਆਂ ਹਦਾਇਤਾਂ ਤੋਂ ਜਾਣੂ ਕਰਵਾਇਆ ਗਿਆ ਅਤੇ ਡਰਾਈਵਿੰਗ ਲਾਇਸੈਂਸ ਦੀ ਅਹਿਮੀਅਤ ਬਾਰੇ ਦੱਸਿਆ । ਹੈਲਪ ਲਾਈਨ ਨੰਬਰ 112,1033,1930 ਬਾਰੇ ਵੀ ਜਾਣਕਾਰੀ ਦਿੱਤੀ ਗਈ ।

ਸੈਮੀਨਾਰ ਵਿੱਚ ਟ੍ਰੈਫ਼ਿਕ ਐਜੂਕੇਸ਼ਨ ਸੈਲ ਦੇ ਇੰਚਾਰਜ ਏ ਐਸ ਆਈ ਜਸਵਿੰਦਰ ਸਿੰਘ ਏ ਐਸ ਆਈ ਅਮਨਦੀਪ ਸਿੰਘ ਚੇਅਰਮੈਨ ਸ੍ਰੀ ਸਤਵਿੰਦਰ ਸਿੰਘ ਸੰਧੂ ਸਾਧੂ ਸਿੰਘ ਗੁਰਪ੍ਰੀਤ ਕੌਰ ਆਦਿ ਨੇ ਹਿੱਸਾ ਲਿਆ। ਪ੍ਰਿੰਸੀਪਲ ਸਾਹਿਬ ਵਲੋਂ ਟ੍ਰੈਫ਼ਿਕ ਕਰਮਚਾਰੀਆਂ ਦਾ ਜਾਣਕਾਰੀ ਦੇਣ ਤੇ ਧੰਨਵਾਦ ਕੀਤਾ ਗਿਆ

# ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਚੰਡੀਗੜ੍ਹ ਨੇ NAAC ਦੁਆਰਾ ਸਾਈਕਲ 3 ਮਾਨਤਾ ਵਿੱਚ ਵੱਕਾਰੀ 1+ ਗ੍ਰੇਡ ਪ੍ਰਾਪਤ ਕੀਤਾ

ਚੰਡੀਗੜ੍ਹ(ਲੋਕ ਬਾਣੀ) ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਚੰਡੀਗੜ੍ਹ, ਅਧਿਆਪਕ ਸਿੱਖਿਆ ਦੇ ਖੇਤਰ ਵਿੱਚ ਇੱਕ ਮੋਹਰੀ ਸੰਸਥਾ ਹੈ, ਨੇ ਪਿਛਲੇ ਦੋ ਵਿੱਚ 1 ਗ੍ਰੇਡ ਪ੍ਰਾਪਤ ਕਰਨ ਤੋਂ ਬਾਅਦ ਨੈਸ਼ਨਲ ਅਸੈਸਮੈਂਟ ਐਂਡ ਐਕਰੀਡੇਸ਼ਨ ਕੌਂਸਲ (NAAC) ਦੁਆਰਾ ਸਾਈਕਲ 3 ਮਾਨਤਾ ਵਿੱਚ 1+ ਗ੍ਰੇਡ ਪ੍ਰਾਪਤ ਕਰਕੇ ਇੱਕ ਸ਼ਾਨਦਾਰ ਮੀਲ ਪੱਥਰ ਪ੍ਰਾਪਤ ਕੀਤਾ ਹੈ। ਚੱਕਰ ਇਹ ਪ੍ਰਾਪਤੀ ਕਾਲਜ ਨੂੰ ਅਧਿਆਪਕਾਂ ਦੀ ਸਿੱਖਿਆ ਵਿੱਚ ਉੱਚ ਮਿਆਰ ਸਥਾਪਤ ਕਰਨ ਲਈ ਸਮਰਪਿਤ ਸੰਸਥਾਵਾਂ ਦੇ ਇੱਕ ਕੁਲੀਨ ਸਮੂਹ ਵਿੱਚ ਸ਼ਾਮਲ ਕਰਦੀ ਹੈ। 2024 ਵਿੱਚ ਪੂਰੇ ਭਾਰਤ ਵਿੱਚ ਮਾਨਤਾ ਪ੍ਰਾਪਤ 96 ਅਧਿਆਪਕ ਸਿੱਖਿਆ ਸੰਸਥਾਵਾਂ (TEIs) ਵਿੱਚੋਂ, ਸਿਰਫ਼ ਪੰਜ ਸੰਸਥਾਵਾਂ ਹੀ 1+ ਗ੍ਰੇਡ ਵਿੱਚ ਅੱਪਗ੍ਰੇਡ ਕਰਨ ਵਿੱਚ ਕਾਮਯਾਬ ਹੋਈਆਂ ਹਨ, ਅਤੇ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਚੰਡੀਗੜ੍ਹ, ਮਾਣ ਨਾਲ ਉੱਤਰੀ ਭਾਰਤ ਦੀਆਂ ਚੋਟੀ ਦੀਆਂ ਦੋ ਸੰਸਥਾਵਾਂ ਵਿੱਚੋਂ ਇੱਕ ਹੈ ਜਿਨ੍ਹਾਂ ਨੇ 1+ ਪ੍ਰਾਪਤ ਕੀਤਾ ਹੈ।

NAAC ਇੱਕ ਖੁਦਮੁਖਤਿਆਰ ਸੰਸਥਾ ਹੈ ਜੋ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (UGC) ਦੁਆਰਾ ਭਾਰਤ ਵਿੱਚ ਉੱਚ ਸਿੱਖਿਆ ਦੇ ਅਦਾਰਿਆਂ ਦਾ ਮੁਲਾਂਕਣ ਕਰਨ ਅਤੇ ਮਾਨਤਾ ਦੇਣ ਲਈ ਸਥਾਪਿਤ ਕੀਤੀ ਗਈ ਹੈ। ਮਾਨਤਾ ਪ੍ਰਕਿਰਿਆ ਇੱਕ ਸਖ਼ਤ ਹੈ ਜੋ ਵੱਖ-ਵੱਖ ਮਾਪਦੰਡਾਂ ਜਿਵੇਂ ਕਿ ਅਧਿਆਪਨ-ਸਿਖਲਾਈ ਪ੍ਰਕਿਰਿਆਵਾਂ, ਖੋਜ ਅਤੇ ਨਵੀਨਤਾ, ਬੁਨਿਆਦੀ ਢਾਂਚਾ, ਵਿਦਿਆਰਥੀ ਸਹਾਇਤਾ, ਪ੍ਰਸ਼ਾਸਨ, ਅਤੇ ਸੰਸਥਾਗਤ ਮੁੱਲਾਂ ਦੇ ਆਧਾਰ ਤੇ ਸੰਸਥਾਵਾਂ ਦਾ ਮੁਲਾਂਕਣ ਕਰਦੀ ਹੈ। 1+ ਗ੍ਰੇਡ ਪ੍ਰਾਪਤ ਕਰਨਾ ਉੱਚ-ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕਰਨ ਅਤੇ ਮਜ਼ਬੂਤ ਅਕਾਦਮਿਕ ਅਤੇ ਪ੍ਰਬੰਧਕੀ ਅਭਿਆਸਾਂ ਨੂੰ ਕਾਇਮ ਰੱਖਣ ਵਿੱਚ ਸੰਸਥਾ ਦੀ ਉੱਤਮਤਾ ਦਾ ਪ੍ਰਮਾਣ ਹੈ। ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਦੀ ਪ੍ਰਿੰਸੀਪਲ ਡਾ. ਸ਼੍ਰੀਮਤੀ ਸਪਨਾ ਨੰਦਾ ਨੇ ਇਸ ਮਾਨਤਾ ਲਈ ਬਹੁਤ ਹੀ ਮਾਣ ਅਤੇ ਧੰਨਵਾਦ ਪ੍ਰਗਟ ਕੀਤਾ। ©113 ਮਾਨਤਾ ਦੇ ਚੱਕਰ 3 ਵਿੱਚ 1+ ਗ੍ਰੇਡ ਪ੍ਰਾਪਤ ਕਰਨਾ ਸਾਡੇ ਕਾਲਜ ਲਈ ਬਹੁਤ ਮਾਣ ਵਾਲੀ ਗੱਲ ਹੈ। ਇਹ ਪ੍ਰਾਪਤੀ ਸਾਡੀ IQAC ਟੀਮ, ਫੈਕਲਟੀ, ਸਟਾਫ, ਵਿਦਿਆਰਥੀਆਂ ਅਤੇ ਹਿੱਸੇਦਾਰਾਂ ਦੇ ਸਮਰਪਣ ਅਤੇ ਸਖ਼ਤ ਮਿਹਨਤ ਦਾ ਪ੍ਰਤੀਬਿੰਬ ਹੈ ਜਿਨ੍ਹਾਂ ਨੇ ਅਕਾਦਮਿਕ ਉੱਤਮਤਾ ਪ੍ਰਾਪਤ ਕਰਨ ਲਈ ਲਗਾਤਾਰ ਕੰਮ ਕੀਤਾ ਹੈ। ਇਹ ਮਿਆਰੀ ਅਧਿਆਪਕ ਸਿੱਖਿਆ, ਨਵੀਨਤਾਕਾਰੀ ਅਭਿਆਸਾਂ, ਅਤੇ ਸਾਡੇ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਲਈ ਸਾਡੀ ਵਚਨਬੱਧਤਾ ਨੂੰ ਵੀ ਉਜਾਗਰ ਕਰਦਾ ਹੈ, ਡਾ. ਨੰਦਾ ਨੇ ਕਿਹਾ। IQAC ਕੋਆਰਡੀਨੇਟਰ ਡਾ: ਅੰਜਲੀ ਪੁਰੀ ਨੇ ਵੀ ਸਾਰੇ ਡੋਮੇਨਾਂ ਵਿੱਚ ਗੁਣਵੱਤਾ ਭਰੋਸੇ ਦੀ ਯਾਤਰਾ ਵਿੱਚ ਪੂਰੇ ਦਿਲ ਨਾਲ ਸਹਿਯੋਗ ਦੇਣ ਲਈ ਮੈਡਮ ਪ੍ਰਿੰਸੀਪਲ, ਫੈਕਲਟੀ, ਸਟਾਫ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।



ਕਾਲਜ 1954 ਵਿੱਚ ਆਪਣੀ ਸ਼ੁਰੂਆਤ ਤੋਂ ਹੀ ਅਧਿਆਪਕ ਸਿੱਖਿਆ ਦੇ ਖੇਤਰ ਵਿੱਚ ਇੱਕ ਮੋਹਰੀ ਰਿਹਾ ਹੈ, ਅਤੇ ਇਹ ਮਾਨਤਾ ਡੋਮੇਨ ਵਿੱਚ ਇੱਕ ਨੇਤਾ ਵਜੋਂ ਆਪਣੀ ਸਥਿਤੀ ਦੀ ਪੁਸ਼ਟੀ ਕਰਦੀ ਹੈ। ਸਾਲਾਂ ਦੌਰਾਨ, ਸੰਸਥਾ ਨੇ ਸਿੱਖਿਆ ਦੀ ਗੁਣਵੱਤਾ ਨੂੰ ਵਧਾਉਣ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਕਈ ਪਹਿਲਕਦਮੀਆਂ ਕੀਤੀਆਂ ਹਨ। ਕਾਲਜ ਦੇ ਅੰਦਰੂਨੀ ਕੁਆਲਿਟੀ ਅਸ਼ੋਰੈਂਸ ਸੈੱਲ (IQAC) ਨੇ ਵਧੀਆ ਅਭਿਆਸਾਂ ਨੂੰ ਲਾਗੂ ਕਰਨ ਅਤੇ ਅਕਾਦਮਿਕ ਅਤੇ ਪ੍ਰਸ਼ਾਸਨਿਕ ਕੰਮਕਾਜ ਦੇ ਸਾਰੇ ਖੇਤਰਾਂ ਵਿੱਚ ਨਿਰੰਤਰ ਸੁਧਾਰ ਨੂੰ ਯਕੀਨੀ ਬਣਾਉਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

# ਬੂਥ ਲੈਵਲ ਅਫਸਰਾਂ ਵੱਲੋਂ ਪਿੰਡ ਸਲੋਹ ਦੇ ਬੂਥਾ ਤੇ ਗ੍ਰਾਮ ਪੰਚਾਇਤ ਦੀਆਂ ਆਮ ਚੋਣਾਂ ਲਈ ਵੋਟਰ ਲਿਸਟਾਂ ਨੂੰ ਅੱਪਡੇਟ ਕਰਨ ਲਈ ਡੋਰ ਟੂ ਡੋਰ ਸਰਵੇ ਕੀਤਾ ਗਿਆ।

ਸਹੀਦ ਭਗਤ ਸਿੰਘ ਨਗਰ (ਰਮੇਸ਼ ਸਰਮਾ/ ਮਨਪ੍ਰੀਤ ਵਾਸੂ) ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਜੀ ਦੇ ਦਿਸ਼ਾ ਨਿਰਦੇਸ਼ਾ ਤਹਿਤ ਅਤੇ ਡਾ.ਅਕਸਿਤਾ ਗੁਪਤਾ ਉੱਪ ਮੰਡਲ ਮੈਜਿਸਟ੍ਰੇਟ ਨਵਾਂਸ਼ਹਿਰ ਜੀ ਦੀਆ ਹਦਾਇਤਾ ਅਨੁਸਾਰ ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ/ਬੂਥ ਲੈਵਲ ਅਫਸਰ ਤਰਸੇਮ ਲਾਲ ਨੇ ਦਵਿੰਦਰ ਸਿੰਘ, ਮਹਿੰਦਰ ਪਾਲ,ਲਛਮੀ ਬੂਥ ਲੈਵਲ ਅਫਸਰਾਂ ਵੱਲੋਂ ਪਿੰਡ ਸਲੋਹ ਦੇ ਬੂਥਾ ਤੇ ਗ੍ਰਾਮ ਪੰਚਾਇਤ ਦੀਆਂ ਆਮ ਚੋਣਾਂ ਲਈ ਵੋਟਰ ਲਿਸਟਾਂ ਨੂੰ ਅੱਪਡੇਟ ਕਰਨ ਲਈ ਸ਼ੁੱਕਰਵਾਰ ਤੇ ਸ਼ਨੀਵਾਰ ਨੂੰ ਡੋਰ ਟੂ ਡੋਰ ਸਰਵੇ ਕੀਤਾ ਜਾ ਰਿਹਾ ਹੈ। ਤਰਸੇਮ ਲਾਲ ਨੇ ਕਿਹਾ ਕਿ ਅੱਜ ਉੱਚ ਅਧਿਕਾਰੀਆਂ ਦੀਆਂ ਹਿਦਾਇਤਾਂ ਅਨੁਸਾਰ ਵੋਟਰ ਲਿਸਟਾਂ ਨੂੰ ਅੱਪਡੇਟ ਕਰਨ ਲਈ ਡੋਰ ਟੂ ਡੋਰ ਸਰਵੇ ਕੀਤਾ ਗਿਆ ਉੱਥੇ ਵੋਟਰਾਂ ਨੂੰ ਪੌਦਾਰੋਪਣ ਲਈ ਪਰੇਰਿਤ ਵੀ ਕੀਤਾ ਗਿਆ। ਉਹਨਾਂ ਨੇ ਕਿਹਾ ਕਿਸਾਡਾ ਮਿਸ਼ਨ,ਪੌਦਾਰੋਪਣ ਤਹਿਤ ਪਿੰਡ ਸਲੋਹ ਦੇ ਬੂਥ ਨੰਬਰ 89,90, 91,92 ਵਿੱਚ ਵਾਤਾਵਰਣ ਸੰਭਾਲ ਸੁਸਾਇਟੀ ਸਲੋਹ ਦੇ ਸਹਿਯੋਗ ਨਾਲ ਬੂਟੇ ਲਗਾਕੇ ਪਿੰਡ ਨੂੰ ਹਰਿਆ ਭਰਿਆ ਬਣਾਉਣਾ ਹੈ। ਉਹਨਾਂ ਨੇ ਵੋਟਰਾ ਨੂੰ ਕਿਹਾ ਕਿ ਉਹ ਆਪਣੇ ਪਰਵਿਾਰਕ ਮੈਂਬਰਾਂ, ਆਂਢ-ਗੁਆਂਢ, ਰਿਸ਼ਤੇਦਾਰਾਂ ਅਤੇ ਗਲ਼ੀ-ਮੁਹੱਲੇ ਦੇ ਵੋਟਰਾਂ ਨੂੰ ਜਾਗਰੂਕ ਕਰਨ ਕਿ ਉਹ ਪਿੰਡ ਸਲੋਹ ਵਿੱਚ ਜਿੱਥੇ ਆਪਣੇ ਬੱਚਿਆਂ ਦੀਆਂ ਵੋਟਾਂ ਅਪਡੇਟ ਕਰਵਾਉਣ ਉੱਥੇ ਇੱਕ-ਇੱਕ ਪੌਦਾ ਵੀ ਲਗਾਉਣ ਅਤੇ ਆਪਣੇ ਦੋਸਤਾਂ ਤੇ ਰਿਸ਼ਤੇਦਾਰਾਂ ਨੂੰ ਪ੍ਰੇਰਿਤ ਕਰਨ ਕਿ ਉਹ ਖੁਦ ਵੀ ਇੱਕ-ਇੱਕ ਪੌਦਾ ਜ਼ਰੂਰ ਲਗਾਉਣ ।ਇਸ ਮੌਕੇ ਪਿੰਡ ਸਲੋਹ ਤੋ ਬਲਵਿੰਦਰ ਭੱਟੀ, ਡਾਕਟਰ ਪ੍ਰੇਮ ਲਾਲ, ਧਰਮਪਾਲ,ਤਰਕਪਰੀਤ, ਜਗਦੀਸ਼ ਰਾਮ ,ਸਵਰਨੀ, ਰਾਮਪਾਲ, ਮੋਹਿਤ , ਸ਼ਬਨਮ ਭੱਟੀ ਤੇ ਪਿੰਡ ਵਾਸੀਆਂ ਵਲੋ ਸਪੂਰਨ ਸਹਿਯੋਗ ਦਿੱਤਾ ਗਿਆ।




# ਸਬਜੀ ਮੰਡੀ ਚ ਗੰਦਗੀ ਤੋਂ ਪਰੇਸ਼ਾਨ ਕਾਰੋਬਾਰੀ

## ਡਿਪਟੀ ਡੀ.ਐਮ.ਓ. ਨੇ ਕਿਹਾ ਕਿ ਕਾਰਨ ਦਸੋ ਠੇਕੇਦਾਰ ਨੂੰ ਨੋਟਿਸ ਜਾਰੀ ਕੀਤਾ ਜਾਵੇਗਾ

ਲੁਧਿਆਣਾ, (ਸੁਖਚੈਨ ਮਹਿਰਾ) ਬਹਾਦਰ ਕੇ ਰੋਡ ਸਥਿਤ ਨਵੀਂ ਸਬਜ਼ੀ ਮੰਡੀ ਵਿੱਚ ਆੜ੍ਹਤੀ ਨਰਕ ਭਰੀ ਜ਼ਿੰਦਗੀ ਜਿਊਣ ਲਈ ਹੋਏ ਮਜਬੂਰ। ਸਬਜੀ ਮੰਡੀ ਚ ਥਾਂ ਥਾਂ ਤੇ ਲੱਗੇ ਗੰਦਗੀ ਦੇ ਢੇਰਾਂ ਤੋਂ ਦੁਖੀ ਹੋਕੇ ਆੜ੍ਹਤੀ ਭਾਈਚਾਰੇ ਨੇ ਗੰਦਗੀ ਦੀ ਸਮੱਸਿਆ ਨੂੰ ਲੈਕੇ ਮਾਰਕੀਟ ਕਮੇਟੀ ਦੇ ਡਿਪਟੀ ਡੀਐਮਓ ਸੁਭਾਸ਼ ਕੁਮਾਰ ਨੂੰ ਮੰਗ ਪੱਤਰ ਦਿੰਦੇ ਹੋਏ ਨਿਊ ਸਬਜ਼ੀ ਮੰਡੀ ਦੇ ਚੇਅਰਮੈਨ ਰਾਜੂ ਮਲਿਕ, ਪ੍ਰਧਾਨ ਗੁਰਕਮਲ ਸਿੰਘ ਇਲੂ, ਉਪ ਪ੍ਰਧਾਨ ਰਚਿਨ ਅਰੋੜਾ ਰਿਸ਼ੂ, ਰੌਕਸੀ ਅਰੋੜਾ, ਜਸਪਿੰਦਰ ਸਿੰਘ, ਰਵਨੀਤ ਸਿੰਘ, ਪ੍ਰਦੀਪ ਕੁਮਾਰ, ਰਾਹੁਲ ਦੂਆ, ਅਸ਼ੋਕ ਕੁਮਾਰ ਹਾਜ਼ਰ ਹੋਏ। ਜਿਸ ਵਿੱਚ ਉਨ੍ਹਾਂ ਕਿਹਾ ਕਿ ਸਬਜ਼ੀ ਮੰਡੀ ਵਿੱਚ ਹਰ ਰੋਜ਼ ਸ਼ੈਡਾ ਦੇ ਬਾਹਰ ਗੰਦਗੀ ਦੇ ਢੇਰ ਲੱਗੇ ਰਹਿੰਦੇ ਹਨ ਅਤੇ ਸਫਾਈ ਠੇਕੇਦਾਰ ਨੂੰ ਗੰਦਗੀ ਦੇ ਢੇਰਾਂ ਨੂੰ ਹਟਾਉਣ ਲਈ ਕਈ ਵਾਰ ਕਹਿਣ ਦੇ ਬਾਵਜੂਦ ਵੀ ਠੇਕੇਦਾਰ ਟਸ ਤੋਂ ਮਸ ਨਹੀਂ ਹੋਇਆ।ਜਿਸ ਕਾਰਨ ਕਾਰੋਬਾਰੀਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਬਿਮਾਰੀਆਂ ਫੈਲਣ ਦਾ ਵੀ ਖਤਰਾ ਬਣਿਆ ਰਹਿੰਦਾ ਹੈ।

ਰਚਿਨ ਅਰੋੜਾ ਨੇ ਕਿਹਾ ਕਿ ਜਦੋਂ ਵੀ ਸਾਡਾ ਆੜ੍ਹਤੀ ਭਾਈਚਾਰਾ ਆਪਣੇ ਮੋਬਾਈਲ ਵਟਸਐਪ ਤੇ ਕੂੜੇ ਅਤੇ ਸਫਾਈ ਦੀ ਫੋਟੋ ਸਕੱਤਰ ਜਾਂ ਠੇਕੇਦਾਰ ਨੂੰ ਭੇਜਦਾ ਹੈ ਤਾਂ ਉਸ ਦੀ ਇਕ ਦਿਨ ਲਈ ਸਫਾਈ ਕੀਤੀ ਜਾਂਦੀ ਹੈ। ਠੇਕੇਦਾਰ ਝਾੜੂ ਨਾਲ ਸਫਾਈ ਕਰਨ ਉਪਰੰਤ ਮੰਡੀ ਦੇ ਡਿਊਟੀ ਨਿਗਰਾਨ ਅਤੇ ਸੈਕਟਰੀ ਨੂੰ ਵਟਸਐਪ ਤੇ ਫੋਟੋਆਂ ਭੇਜ ਕੇ ਹਮੇਸ਼ਾ ਗੁੰਮਰਾਹ ਕਰਦਾ ਰਹਿੰਦਾ ਹੈ। ਡਿਊਟੀ 'ਤੇ ਤਾਇਨਾਤ ਸੁਪਰਵਾਈਜ਼ਰ ਗਲਤ ਰਿਪੋਰਟ ਕਰਕੇ ਮੰਡੀ ਬੋਰਡ ਤੋਂ ਪੈਸੇ ਵਸੂਲ ਰਿਹਾ ਹੈ। ਆੜ੍ਹਤੀ ਭਾਈਚਾਰਾ ਮੰਡੀ ਬੋਰਡ ਨੂੰ ਮਾਲੀਆ ਦਿੰਦੇ ਹਨ ਪਰ ਸਹੂਲਤਾਂ ਨਹੀਂ ਮਿਲ ਰਹੀਆਂ। ਇਸ ਲਈ ਸਫ਼ਾਈ ਠੇਕੇਦਾਰ ਤੇ ਭਿਵਾਗੀ ਕਾਰਵਾਈ ਕੀਤੀ ਜਾਵੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਡਿਪਟੀ ਡੀ.ਐਮ.ਓ ਅਤੇ ਮਾਰਕੀਟ ਕਮੇਟੀ ਦੇ ਸਕੱਤਰ ਸੁਭਾਸ਼ ਕੁਮਾਰ ਨੇ ਕਿਹਾ ਕਿ ਆੜ੍ਹਤੀ ਭਾਈਚਾਰਾ ਮੰਡੀ ਦੀਆਂ ਮੁਸ਼ਕਿਲਾਂ ਨੂੰ ਲੈ ਕੇ ਉਨ੍ਹਾਂ ਕੋਲ ਆਏ ਸਨ ਅਤੇ ਮੰਗ ਪੱਤਰ ਵੀ ਸੌਂਪਿਆ ਹੈ। ਮੰਡੀ ਵਿੱਚ ਸਫ਼ਾਈ ਨਾ ਹੋਣ ਕਾਰਨ ਭਾਈਚਾਰਾ ਚਿੰਤਤ ਹੈ। ਜਿਸ ਲਈ ਸਫਾਈ ਠੇਕੇਦਾਰ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਜਾ ਰਿਹਾ ਹੈ। ਤਾਂ ਜੋ ਸਫ਼ਾਈ ਨਾ ਹੋਣ ਦਾ ਕਾਰਨ ਪਤਾ ਲੱਗ ਸਕੇ ਅਤੇ ਮੰਡੀ ਦੀ ਸਫ਼ਾਈ ਲਈ ਸੁਪਰਵਾਈਜ਼ਰ ਦੀ ਡਿਊਟੀ ਲਗਾਈ ਗਈ ਹੈ। ਹੁਣ ਦੇਖਣਾ ਇਹ ਹੋਵੇਗਾ ਕਿ ਸਫਾਈ ਠੇਕੇਦਾਰ ਉੱਪਰ ਕੋਈ ਵਿਭਾਗੀ ਕਾਰਵਾਈ ਹੁੰਦੀ ਹੈ ਜਾਂ ਫਿਰ ਪਹਿਲੇ ਵਾਂਗ ਹੀ ਸਭ ਕੁਝ ਹੀ ਚਲਦਾ ਰਹੇਗਾ।



## ਡਾ. ਅੰਬੇਡਕਰ ਬਨਾਮ ਕਾਂਗਰਸੀ ਆਗੂ

ਕਾਂਗਰਸੀ ਆਗੂਆਂ ਨੇ ਮਨ ਵਿੱਚ ਧਾਰ ਲਿਆ,
ਅੰਬੇਡਕਰ ਨੂੰ ਸੰਵਿਧਾਨ ਸਭਾ ਵਿੱਚ ਨੀਂ ਵੜਨ ਦੇਣਾ।
ਕਹਿੰਦੇ ਬੰਦ ਕਰ ਦੇਣੀਆਂ ਸਭੇ ਬੂਹੇ ਬਾਰੀਆਂ,
ਪਾਰਲੀਮੈਂਟ ਦੀਆਂ ਪੌੜੀਆਂ ਨੀ ਚੜ੍ਹਨ ਦੇਣਾ।
ਇਸ ਲਈ ਅੰਬੇਡਕਰ ਦੇ ਖ਼ਾਸ ਨੂੰ ਟਿਕਟ ਦੇਕੇ,
ਚੋਣਾਂ ਵਿੱਚ ਅੰਬੇਡਕਰ ਮੁਕਾਬਲੇ ਦਿੱਤਾ ਖੜਾ ਯਾਰੋ।
ਤੂਤੀ ਬੋਲਦੀ ਸੀ ਉਦੋਂ ਕਾਂਗਰਸੀਆਂ ਦੀ,
ਡਾ.ਅੰਬੇਡਕਰ ਚੋਣਾਂ ਵਿੱਚ ਦਿੱਤਾ ਹਰਾ ਯਾਰੋ।
ਖ਼ੂਬ ਜਸ਼ਨ ਮਨਾਇਆ ਕਾਂਗਰਸੀ ਆਗੂਆਂ ਨੇ,
ਡਾ.ਅੰਬੇਡਕਰ ਦੇ ਇਲਾਕੇ ਵਿੱਚ ਗੱਜ ਵੱਜ ਯਾਰੋ।
ਕਹਿੰਦੇ ਨਹੀਂ ਕਰਦੇ ਰਹਿਣਾ ਸੀ ਤੰਗ ਇਹਨੇ,
ਕੰਡਾ ਇਹ ਵੀ ਦਿੱਤਾ ਹੈ ਕੱਢ ਯਾਰੋ।
ਖੁਸ਼ੀ ਉਡ ਗਈ ਪਲਾਂ ਵਿੱਚ ਖੰਭ ਲਾਕੇ,
ਜਦ ਜੁਗਿੰਦਰ ਮੰਡਲ ਗਿਆ ਹੱਕ ਵਿੱਚ ਆ ਸੱਜਣੋਂ।
ਬੰਗਾਲ ਤੋਂ ਜਿੱਤੀ ਸੀਟ ਤੋਂ ਦੇਕੇ ਅਸਤੀਫ਼ਾ ,
ਉਹਨਾਂ ਅੰਬੇਡਕਰ ਨੂੰ ਦਿੱਤਾ ਉਥੋਂ ਜਿਤਾ ਸੱਜਣੋਂ।
ਕਾਂਗਰਸੀ ਆਗੂਆਂ ਨੂੰ ਲੱਗਿਆ ਜ਼ੋਰਦਾਰ ਝਟਕਾ,
ਕਹਿੰਦੇ ਇਹ ਤਾਂ ਜਿੱਤਕੇ ਗਿਆ ਹੈ ਆ ਯਾਰੋ।
ਇਹ ਰਹਿਣ ਦੇਣਾ ਨਾ ਪਾਰਲੀਮੈਂਟ ਅੰਦਰ,
ਕਹਿੰਦੇ ਕੋਈ ਨਾ ਕੋਈ ਕਰੋ ਉਪਾਅ ਯਾਰੋ।
ਹੱਲ ਲੱਭ ਗਿਆ ਆਖਿਰ ਇਹਨਾਂ ਆਗੂਆਂ ਨੂੰ,
ਆ ਗਈ ਜਾਨ ਦੇ ਵਿੱਚ ਜਾਨ ਯਾਰੋ।
ਅੰਬੇਡਕਰ ਜਿਥੋਂ ਜਿੱਤਕੇ ਆਇਆ ਸੀ,
ਉਹ ਇਲਾਕਾ ਦੇ ਦਿੱਤਾ ਵਿਚ ਪਾਕਿਸਤਾਨ ਯਾਰੋ।
ਇੰਝ ਪੂਰਬੀ ਬੰਗਾਲ ਦੇਕੇ ਪਾਕਿਸਤਾਨ ਤਾਈਂ,
ਇਹਨਾਂ ਮਾਰੀ ਜ਼ੋਰ ਦੀ ਹਿੱਟ ਯਾਰੋ।
ਇੰਝ ਫਿਰ ਕਾਂਗਰਸੀ ਆਗੂਆਂ ਨੇ,
ਡਾ. ਅੰਬੇਡਕਰ ਨੂੰ ਕਰਿਆ ਚਿੱਤ ਯਾਰੋ।
ਵੇਖਣਾ ਚਾਹੁੰਦੇ ਨੀਂ ਸੀ ਜਿਸ ਅੰਬੇਡਕਰ ਨੂੰ,
ਐਨੀ ਨਫ਼ਰਤ ਸੀ ਜਿਹਦੇ ਨਾਲ ਸੱਜਣੋਂ।
ਇਹ ਆਗੂ ਫਿਰ ਪਤਾ ਨਹੀਂ ਕਿਵੇਂ ਹੋਏ ਰਾਜ਼ੀ ?
ਹੋ ਗਏ ਡਾ.ਅੰਬੇਡਕਰ ਉਤੇ ਦਿਆਲ ਸੱਜਣੋਂ।
ਫਿਰ ਆਪਣੇ ਇਕ ਮੈਂਬਰ ਤੋਂ ਦਿਵਾ ਕੇ ਅਸਤੀਫ਼ਾ,
ਉਥੋਂ ਡਾਕਟਰ ਅੰਬੇਡਕਰ ਨੂੰ ਦਿੱਤਾ ਜਿਤਾ ਯਾਰੋ,
ਅੰਬੇਡਕਰ ਪਹਿਲਾਂ ਡਰਾਫਟਿੰਗ ਕਮੇਟੀ ਦਾ ਬਣਾਇਆ ਚੈਅਰਮੈਨ,
ਪਿੱਛੋ ਕਾਨੂੰਨ ਮੰਤਰੀ ਦਿੱਤਾ ਬਣਾ ਯਾਰੋ।



ਮੇਜਰ ਸਿੰਘ ਬੁਢਲਾਡਾ

# ਡਾ.ਓਬਰਾਏ ਦੇ ਯਤਨਾਂ ਸਦਕਾ ਮਜੀਠਾ ਦੇ 22 ਸਾਲਾ ਨੌਜਵਾਨ ਦਾ ਮ੍ਰਿਤਕ ਸਰੀਰ ਭਾਰਤ ਪੁੱਜਾ

ਅੰਮ੍ਰਿਤਸਰ ,(ਲੋਕ ਬਾਣੀ) - ਪੂਰੀ ਦੁਨੀਆਂ ਅੰਦਰ ਆਪਣੇ ਨਿਵੇਕਲੇ ਸੇਵਾ ਕਾਰਜਾਂ ਕਾਰਨ ਜਾਣੇ ਜਾਂਦੇ ਦੁਬਈ ਦੇ ਉੱਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਸਰਪ੍ਰਸਤ ਡਾ.ਐਸ. ਪੀ.ਸਿੰਘ ਓਬਰਾਏ ਦੇ ਯਤਨਾਂ ਸਦਕਾ ਬੀਤੀ ਰਾਤ ਮਜੀਠਾ ਨੇੜਲੇ ਪਿੰਡ ਸ਼ਾਮ ਨਗਰ ਦੇ 22 ਸਾਲਾ ਪਲਵਿੰਦਰ ਸਿੰਘ ਪੁੱਤਰ ਰਜਿੰਦਰ ਸਿੰਘ ਦਾ ਮ੍ਰਿਤਕ ਸਰੀਰ ਦੁਬਈ ਤੋਂ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਵਿਖੇ ਪਹੁੰਚਿਆ।



ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਡਾ.ਐੱਸ.ਪੀ. ਸਿੰਘ ਓਬਰਾਏ ਨੇ ਦੱਸਿਆ ਕਿ ਪਲਵਿੰਦਰ ਸਿੰਘ ਵੀ ਹੋਰਨਾਂ ਨੌਜਵਾਨਾਂ ਵਾਂਗ ਕੇਵਲ ਦੋ ਮਹੀਨੇ ਪਹਿਲਾਂ ਹੀ ਆਪਣੇ ਬਿਹਤਰ ਭਵਿੱਖ ਦੇ ਸੁਪਨੇ ਲੈ ਕੇ ਦੁਬਈ ਆਇਆ ਸੀ। ਜਿਸ ਦੀ ਬੀਤੀ 24 ਅਗਸਤ ਨੂੰ ਦਿਲ ਦਾ ਦੌਰਾ ਪੈਣ ਕਾਰਨ ਉਸ ਦੀ ਮੌਤ ਹੋ ਗਈ ਸੀ। ਡਾ.ਓਬਰਾਏ ਨੇ ਦੱਸਿਆ ਕਿ ਇਸ ਮੰਦਭਾਗੀ ਘਟਨਾ ਸਬੰਧੀ ਉਨ੍ਹਾਂ ਨੂੰ ਭਾਰਤੀ ਦੂਤਾਵਾਸ ਵੱਲੋਂ ਜਾਣਕਾਰੀ ਦਿੱਤੀ ਗਈ ਸੀ। ਜਿਸ ਉਪਰੰਤ ਉਨ੍ਹਾਂ ਆਪਣੀ ਅੰਮ੍ਰਿਤਸਰ ਟੀਮ ਨੂੰ ਪੀੜਤ ਪਰਿਵਾਰ ਕੋਲ ਭੇਜ ਕੇ ਉਨ੍ਹਾਂ ਨੂੰ ਮ੍ਰਿਤਕ ਦੇਹ ਭਾਰਤ ਲੈ ਕੇ ਆਉਣ ਵਿੱਚ ਆ ਰਹੀਆਂ ਦਿੱਕਤਾਂ ਬਾਰੇ ਜਾਣਕਾਰੀ ਲੈਣ ਉਪਰੰਤ ਆਪਣੀ ਦੁਬਈ ਵਿਚਲੀ ਟੀਮ ਰਾਹੀਂ ਅਤੇ ਦੁਬਈ ਸਥਿਤ ਭਾਰਤੀ ਦੂਤਾਵਾਸ ਦੇ ਸਹਿਯੋਗ ਨਾਲ ਤੁਰੰਤ ਸਾਰੀ ਲੋੜੀਂਦੀ ਕਾਗਜ਼ੀ ਕਾਰਵਾਈ ਮੁਕੰਮਲ ਕਰਵਾ ਕੇ ਪਲਵਿੰਦਰ ਸਿੰਘ ਦਾ ਦਾ ਮ੍ਰਿਤਕ ਸਰੀਰ ਭਾਰਤ ਭੇਜਿਆ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਸਰੀਰ ਭਾਰਤ ਭੇਜਣ ਲਈ ਆਇਆ ਖਰਚ ਪਲਵਿੰਦਰ ਦੀ ਕੰਮ ਵਾਲੀ ਕੰਪਨੀ ਵੱਲੋਂ ਕੀਤਾ ਗਿਆ ਹੈ ।

ਪਲਵਿੰਦਰ ਸਿੰਘ ਦਾ ਮ੍ਰਿਤਕ ਸਰੀਰ ਲੈਣ ਪਹੁੰਚੇ ਉਸ ਦੇ ਚਾਚੇ ਸਾਹਿਲ ਮੱਟੂ ਤੋਂ ਇਲਾਵਾ ਹਮਜ਼ਾ ਦੇ ਸਰਪੰਚ ਧਰਮਵੀਰ ਭੱਟੀ, ਪਲਵਿੰਦਰ ਦੀ ਮ੍ਰਿਤਕ ਦੇ ਨਾਲ ਦੁਬਈ ਤੋਂ ਆਏ ਉਸ ਦੇ ਰਿਸ਼ਤੇਦਾਰ ਸ਼ਿਪਨ,ਰਵੀਸ਼ੇਰ ਸਿੰਘ,ਹਰਪ੍ਰੀਤ ਸਿੰਘ ਅਤੇ ਨਵਦੀਪ ਸਿੰਘ ਆਦਿ ਨੇ ਭਾਵੁਕ ਹੁੰਦਿਆਂ ਦੱਸਿਆ ਕਿ ਪਲਵਿੰਦਰ ਸਿੰਘ ਆਪਣੇ ਘਰ ਦੀ ਗੁਰਬਤ ਨੂੰ ਦੂਰ ਕਰਨ ਲਈ ਦੁਬਈ ਗਿਆ ਸੀ ਕਿ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਕੁਝ ਦਿਨ ਪਹਿਲਾਂ ਉਸ ਦੀ ਮੌਤ ਹੋ ਗਈ ਸੀ । ਪਲਵਿੰਦਰ ਦੇ ਪਰਿਵਾਰਕ ਮੈਂਬਰਾਂ ਨੇ ਡਾ.ਐੱਸ.ਪੀ.ਸਿੰਘ ਓਬਰਾਏ ਦਾ ਇਸ ਔਖੇ ਘੜੀ ਵੇਲੇ ਉਨ੍ਹਾਂ ਦੀ ਵੱਡੀ ਮਦਦ ਕਰਨ ਲਈ ਉਨ੍ਹਾਂ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਦੇ ਇਸ ਪਰਉਪਕਾਰ ਨੂੰ ਹਮੇਸ਼ਾ ਯਾਦ ਰੱਖਣਗੇ। ਇੱਥੇ ਇਹ ਵੀ ਦੱਸਣਯੋਗ ਹੈ ਕਿ ਪੰਜਾਬ ਦੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਵੱਲੋਂ ਵੀ ਟੈਲੀਫੋਨ ਰਾਹੀਂ ਡਾ.ਐਸ.ਪੀ. ਸਿੰਘ ਓਬਰਾਏ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ ਹੈ।

ਪੀੜਤ ਪਰਿਵਾਰ ਨਾਲ ਹਵਾਈ ਅੱਡੇ ਤੇ ਦੁੱਖ ਸਾਂਝਾ ਕਰਨ ਪਹੁੰਚੀ ਟਰੱਸਟ ਦੀ ਟੀਮ ਵੱਲੋਂ ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਮਾਝਾ ਜ਼ੋਨ ਦੇ ਸਲਾਹਕਾਰ ਸੁਖਦੀਪ ਸਿੱਧੂ, ਜ਼ਿਲ੍ਹਾ ਪ੍ਰਧਾਨ ਸ਼ਿਸ਼ਪਾਲ ਸਿੰਘ ਲਾਡੀ, ਜਨਰਲ ਸਕੱਤਰ ਮਨਪ੍ਰੀਤ ਸੰਧੂ ਚਮਿਆਰੀ, ਵਿੱਤ ਸਕੱਤਰ ਨਵਜੀਤ ਸਿੰਘ ਘਈ ਨੇ ਦੱਸਿਆ ਕਿ ਡਾ. ਓਬਰਾਏ ਦੇ ਯਤਨਾਂ ਸਦਕਾ ਹੁਣ ਤੱਕ 370 ਦੇ ਕਰੀਬ ਬਦਨਸੀਬ ਲੋਕਾਂ ਦੇ ਮ੍ਰਿਤਕ ਸਰੀਰ ਉਨ੍ਹਾਂ ਦੇ ਵਾਰਸਾਂ ਤੱਕ ਪਹੁੰਚਾਏ ਜਾ ਚੁੱਕੇ ਹਨ।

# ਸੈਂਟਰ ਢੇਰ ਵਿਖੇ ਸੈਂਟਰ ਪੱਧਰੀ ਖੇਡਾਂ ਦਾ ਆਗਾਜ਼




ਸ੍ਰੀ ਅਨੰਦਪੁਰ ਸਾਹਿਬ, 6 ਸਤੰਬਰ(ਦਵਿੰਦਰਪਾਲ ਸਿੰਘ): ਅੱਜ ਬਲਾਕ ਸ੍ਰੀ ਅਨੰਦਪੁਰ ਸਾਹਿਬ ਵਿੱਚ ਸੈਂਟਰ ਢੇਰ ਵਿਖੇ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਕਰਵਾਈਆਂ ਜਾਂਦੀਆਂ ਸੈਂਟਰ - ਪੱਧਰੀ ਖੇਡਾਂ ਦਾ ਸ਼ਾਨਦਾਰ ਆਗਾਜ਼ ਹੋਇਆ। ਇਸ ਮੌਕੇ ਸੈਂਟਰ ਹੈਡ ਟੀਚਰ ਮੈਡਮ ਕਮਲਜੀਤ ਕੌਰ ਨੇ ਦੱਸਿਆ ਕਿ ਵਿਦਿਆਰਥੀਆਂ ਵਿੱਚ ਖੇਡ ਭਾਵਨਾ ਨੂੰ ਵਿਕਸਿਤ ਕਰਨ ਲਈ ਇਹ ਬਹੁਤ ਹੀ ਵਧੀਆ ਉਪਰਾਲਾ ਹੈ, ਜਿਸ ਵਿੱਚ ਬੱਚਿਆਂ ਦਾ ਸਰੀਰਕ ਅਤੇ ਮਾਨਸਿਕ ਤੌਰ ਤੇ ਵਿਕਾਸ ਹੁੰਦਾ ਹੈ। ਇਹਨਾਂ ਖੇਡਾਂ ਵਿੱਚ ਸੈਂਟਰ ਦੇ ਸਮੂਹ ਸਕੂਲਾਂ ਦੇ ਵਿਦਿਆਰਥੀਆਂ ਨੇ ਬੜੇ ਜੋਸ਼ ਨਾਲ ਭਾਗ ਲਿਆ। ਪਹਿਲੇ ਦਿਨ ਲੜਕਿਆਂ ਦੀ ਕਬੱਡੀ, ਰੱਸਾ-ਕਸ਼ੀ, ਗੋਲਾ ਸੁੱਟਣ ਅਤੇ ਦੌੜਾਂ ਦੇ ਖੇਡ ਮੁਕਾਬਲੇ ਕਰਵਾਏ ਗਏ ; ਜਿੰਨਾ ਵਿੱਚ ਸਮੂਹ ਅਧਿਆਪਕਾਂ ਅਤੇ ਖਿਡਾਰੀਆਂ ਵਿੱਚ ਖੁਸ਼ੀ ਅਤੇ ਉਤਸ਼ਾਹ ਵੇਖਣ ਨੂੰ ਮਿਲਿਆ। ਇਸ ਮੌਕੇ ਸੈਂਟਰ ਹੈਡ ਟੀਚਰ ਮੈਡਮ ਕਮਲਜੀਤ ਕੌਰ, ਮੀਹਮਲ ਸਿੰਘ, ਗੁਰਚਰਨ ਸਿੰਘ, ਬਲਬੀਰ ਸਿੰਘ, ਸੁਰਿੰਦਰ ਕੁਮਾਰ ਕਾਲੀਆ, ਵਿਕਰਮ ਸ਼ਰਮਾ, ਸਾਂਝੀ ਸਿੱਖਿਆ ਦੇ ਕੋਆਰਡੀਨੇਟਰ ਸਚਿਨ, ਮੈਡਮ ਅਮਨਪ੍ਰੀਤ ਕੌਰ, ਹਰਜਿੰਦਰ ਕੌਰ, ਦੀਪਾਲੀ ਸ਼ਰਮਾ, ਮਨਪ੍ਰੀਤ ਕੌਰ, ਮਨਜੀਤ ਕੌਰ,ਗੁਰਮੀਤ ਕੌਰ ਅਤੇ ਹੋਰ ਹਾਜ਼ਰ ਸਨ।

# ਵਿਧਾਇਕ ਉਗੋਕੇ ਨੇ ਕਿਸਾਨੀ ਅੰਦੋਲਨ ਦੇ ਸ਼ਹੀਦ ਕਿਸਾਨ ਦੇ ਵਾਰਿਸ ਨੂੰ 5 ਲੱਖ ਦੀ ਮੁਆਵਜ਼ਾ ਰਾਸ਼ੀ ਸੌਂਪੀ



ਭਦੌੜ , (ਲੋਕ ਬਾਣੀ) ਭਦੌੜ ਤੋਂ ਐੱਮ.ਐੱਲ.ਏ ਸ. ਲਾਭ ਸਿੰਘ ਉਗੋਕੇ ਨੇ ਕਿਸਾਨੀ ਅੰਦੋਲਨ ਵਿੱਚ ਸ਼ਹੀਦ ਹੋਏ ਭਦੌੜ ਦੇ ਕਿਸਾਨ ਦੇ ਪਰਿਵਾਰ ਨੂੰ 5 ਲੱਖ ਦੀ ਮੁਆਵਜ਼ਾ ਰਾਸ਼ੀ ਸੌਂਪੀ।

ਦਿੱਲੀ ਵਿੱਚ ਕਿਸਾਨ ਅੰਦੋਲਨ ਦੌਰਾਨ ਕਿਸਾਨ ਰਾਮ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਭਦੌੜ ਸ਼ਹੀਦ ਹੋ ਗਿਆ ਸੀ। ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਦਿੱਤੀ ਜਾਂਦੀ ਮਾਲੀ ਸਹਾਇਤਾ ਤਹਿਤ ਅੱਜ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਵਿਧਾਇਕ ਲਾਭ ਸਿੰਘ ਉਗੋਕੇ ਨੇ 5 ਲੱਖ ਦੀ ਮੁਆਵਜ਼ਾ ਰਾਸ਼ੀ ਦਿੱਤੀ। ਉਨ੍ਹਾਂ ਕਿਹਾ ਕਿ ਸਾਡੇ ਕਿਸਾਨਾਂ ਨੇ ਦੇਸ਼ ਭਰ ਦੇ ਕਿਸਾਨਾਂ ਦੇ ਹੱਕਾਂ ਖਾਤਰ ਆਪਣੀ ਜਾਨ ਗਵਾਈ ਜਿਸ ਨੂੰ ਭੁਲਾਇਆ ਨਹੀਂ ਜਾ ਸਕਦਾ ਉਨ੍ਹਾਂ ਪੀੜਤ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦੇ ਹੋਏ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨੀ ਬਚਾਉਣ ਖਾਤਰ ਮਾਨ ਸਰਕਾਰ ਵੱਲੋਂ ਸਮੇਂ ਸਮੇਂ ਤੇ ਲੋਕਪੱਖੀ ਫੈਸਲੇ ਲਏ ਜਾ ਰਹੇ ਹਨ, ਕਿਉਂਕਿ ਕਿਸਾਨੀ ਪੰਜਾਬ ਦੀ ਆਰਥਿਕਤਾ ਦਾ ਧੁਰਾ ਹੈ ਤੇ ਮਿਹਨਤਕਸ਼ ਕਿਸਾਨਾਂ ਤੇ ਪਰਿਵਾਰਾਂ ਨੂੰ ਉਨ੍ਹਾਂ ਦੇ ਹੱਕਾਂ ਤੋਂ ਵਾਂਝੇ ਨਹੀਂ ਰੱਖਿਆ ਜਾਵੇਗਾ।

# ਕਾਨਪੁਰ ਚ ਟਰੱਕ ਡਿੱਗਣ ਕਾਰਨ ਕਾਨਪੁਰ ਝਾਂਸੀ ਰੇਲਵੇ ਰੂਟ ਤੇ ਟਰੇਨਾਂ ਦਾ ਸੰਚਾਲਨ ਮੁੜ ਸ਼ੁਰੂ ਹੋਇਆ

ਕਾਨਪੁਰ (ਸੁਨੀਲ ਬਾਜਪਾਈ) ਇੱਥੇ ਵੀਰਵਾਰ ਦੇਰ ਸ਼ਾਮ ਇੱਕ ਟਰੱਕ ਨੇ ਗੁਜੈਨੀ ਬਾਈਪਾਸ ਪੁਲ ਦੀ ਰੇਲਿੰਗ ਤੋੜ ਦਿੱਤੀ। ਪਟੜੀਆਂ ਤੇ ਡਿੱਗਣ ਕਾਰਨ ਪ੍ਰਭਾਵਿਤ ਹੋਈ ਰੇਲ ਆਵਾਜਾਈ ਆਮ ਵਾਂਗ ਹੋ ਗਈ ਹੈ। ਇਸ ਹਾਦਸੇ ਵਿੱਚ ਟਰੱਕ ਡਰਾਈਵਰ ਦੀ ਮੌਤ ਹੋ ਗਈ ਸੀ। ਓ.ਐਚ.ਈ. ਲਾਈਨ ਤੇ ਇਕ ਟਰੱਕ ਡਿੱਗਣ ਨਾਲ ਤਿੰਨ ਖੰਭਿਆਂ ਨੂੰ ਨੁਕਸਾਨ ਪਹੁੰਚਿਆ ਹੈ।



ਇਹ ਘਟਨਾ ਵੀਰਵਾਰ ਦੇਰ ਸ਼ਾਮ ਗੁਜੈਨੀ ਹਾਈਵੇਅ ਪੁਲ ਤੇ ਵਾਪਰੀ, ਜਿਸ ਕਾਰਨ ਦੋ ਦਰਜਨ ਤੋਂ ਵੱਧ ਰੇਲ ਗੱਡੀਆਂ ਫਸ ਗਈਆਂ। ਸੂਚਨਾ ਮਿਲਣ 'ਤੇ ਤੁਰੰਤ ਪੁੱਜੇ ਪੁਲੀਸ ਪ੍ਰਸ਼ਾਸਨ ਅਤੇ ਰੇਲਵੇ ਅਧਿਕਾਰੀਆਂ ਨੇ ਟਰੱਕ ਨੂੰ ਰੇਲਵੇ ਟਰੈਕ ਤੋਂ ਹਟਾ ਕੇ ਆਵਾਜਾਈ ਨੂੰ ਆਮ ਵਾਂਗ ਕਰਨ ਦੀ ਕੋਸ਼ਿਸ਼ ਸ਼ੁਰੂ ਕਰ ਦਿੱਤੀ।

ਅਧਿਕਾਰੀਆਂ ਦਾ ਕਹਿਣਾ ਹੈ ਕਿ ਟਰੱਕ ਦਿੱਲੀ ਹਾਈਵੇਅ ਦੀ ਸਰਵਿਸ ਲੇਨ ਤੋਂ ਡਿੱਗਿਆ ਸੀ। ਇਸ ਦੌਰਾਨ ਰੇਲਵੇ ਟਰੈਕ ਤੇ ਕੋਈ ਟਰੇਨ ਨਹੀਂ ਆ ਰਹੀ ਸੀ, ਨਹੀਂ ਤਾਂ ਵੱਡਾ ਰੇਲ ਹਾਦਸਾ ਵਾਪਰ ਸਕਦਾ ਸੀ।

ਇਹ ਹਾਦਸਾ ਉਸੇ ਥਾਂ ਤੇ ਵਾਪਰਿਆ ਹੈ, ਜਿੱਥੇ ਕੁਝ ਦਿਨ ਪਹਿਲਾਂ ਸਾਬਰਮਤੀ ਐਕਸਪ੍ਰੈਸ ਟਰੇਨ ਦੇ 20 ਡੱਬੇ ਪਟੜੀ ਤੋਂ ਉਤਰ ਗਏ ਸਨ। ਇੱਥੇ ਗੋਵਿੰਦਪੁਰੀ ਅਤੇ ਭੀਮਸੇਨ ਵਿਚਕਾਰ ਪੰਕੀ ਉਦਯੋਗਿਕ ਖੇਤਰ ਵਿੱਚ ਸਥਿਤ ਗੁਜੈਨੀ ਨਹਿਰ ਦੇ ਪੁਲ ਤੋਂ ਠੀਕ ਪਹਿਲਾਂ ਟਰੱਕ ਬੇਕਾਬੂ ਹੋ ਗਿਆ। ਉਹ ਅੱਗੇ ਜਾ ਕੇ ਪੁਲ ਦੀ ਰੇਲਿੰਗ ਤੋੜ ਕੇ ਹੇਠਾਂ ਡਿੱਗ ਗਿਆ। ਪੰਕੀ ਥਾਣੇ ਦੀ ਪੁਲੀਸ ਅਤੇ ਜੀਆਰਪੀ ਨੇ ਟਰੱਕ ਡਰਾਈਵਰ ਨੂੰ ਛੁਡਾਇਆ ਅਤੇ ਉਸ ਨੂੰ ਹੈਲੇਟ ਹਸਪਤਾਲ ਪਹੁੰਚਾਇਆ। ਇੱਥੇ ਡਾਕਟਰਾਂ ਨੇ ਟਰੱਕ ਡਰਾਈਵਰ ਰਾਮ ਕਿਸ਼ੋਰ (27) ਵਾਸੀ ਪਿੰਡ ਰਹਿਮਤਪੁਰ ਬਿਲਹੌਰ ਨੂੰ ਦਾਖਲ ਕਰਵਾਇਆ। ਨੂੰ ਮ੍ਰਿਤਕ ਐਲਾਨ ਦਿੱਤਾ ਗਿਆ ਸੀ। ਉਹ ਇਸ ਹਾਈਵੇਅ ਤੇ ਟਰੱਕ ਲੈ ਕੇ ਇਟਾਵਾ ਵੱਲ ਜਾ ਰਿਹਾ ਸੀ। ਘਟਨਾ ਕਾਰਨ ਉਨ੍ਹਾਂ ਦੇ ਪਰਿਵਾਰ ਚ ਮਾਤਮ ਦਾ ਮਾਹੌਲ ਹੈ।

# ਸਰਵੋਤਮ ਸੇਵਾਵਾਂ ਨਿਭਾਉਣ ਤੇ ਅਧਿਆਪਕ ਹਰਮਨਪ੍ਰੀਤ ਸਿੰਘ ਸਨਮਾਨਿਤ



ਅੰਮ੍ਰਿਤਸਰ (ਲੋਕ ਬਾਣੀ) )ਰਾਸ਼ਟਰੀ ਅਧਿਆਪਕ ਦਿਵਸ ਮੌਕੇ ਆਲਮੀ ਪੰਜਾਬੀ ਵਿਰਾਸਤ ਫਾਉਡੇਸਨ ਵਲੋ ਵਿਰਸਾ ਵਿਹਾਰ ਅੰਮ੍ਰਿਤਸਰ ਵਿਖੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ ਲੜਕੇ ਦੇ ਅਧਿਆਪਕ ਸ੍ਰ ਹਰਮਨਪ੍ਰੀਤ ਸਿੰਘ ਜੀ ਨੂੰ ਉਹਨਾਂ ਦੀਆ ਸਰਵੋਤਮ ਸੇਵਾਵਾਂ ਲਈ ਐਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਜਿਲ੍ਹਾ ਸਿੱਖਿਆ ਅਫ਼ਸਰ ਸ੍ਰ ਹਰਭਗਵੰਤ ਸਿੰਘ,ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ ਲੜਕੇ ਸਮੇਤ ਕਈ ਸਕੂਲਾਂ ਦੇ ਪ੍ਰਿੰਸੀਪਲ ਅਤੇ ਸ਼ਹਿਰ ਦੀਆ ਕਈ ਸੰਸਥਾਵਾਂ ਦੇ ਮੁੱਖੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਪ੍ਰਿੰਸੀਪਲ ਮੋਨਿਕਾ ਜੀ ਨੇ ਇਸ ਮੌਕੇ ਆਲਮੀ ਪੰਜਾਬੀ ਵਿਰਾਸਤ ਫਾਉਡੇਸ਼ਨ ਦੇ ਪ੍ਰਧਾਨ ਸ੍ਰ ਭੁਪਿੰਦਰ ਸਿੰਘ ਸੰਧੂ ਅਤੇ ਜਨਰਲ ਸਕੱਤਰ ਡਾ .ਸੁਖਦੇਵ ਸਿੰਘ ਸਿੰਘ ਸੇਖੋਂ ਦਾ ਸ੍ਰ ਹਰਮਨਪ੍ਰੀਤ ਸਿੰਘ ਦਾ ਸਨਮਾਨ ਕਰਨ ਤੇ ਧੰਨਵਾਦ ਕੀਤਾ ਅਤੇ ਪੰਜਬ ਦੀ ਸੰਸਕ੍ਰਿਤੀ ਅਤੇ ਭਾਸ਼ਾ ਦੀ ਸੰਭਾਲ ਲਈ ਸੰਸਥਾ ਵਲੋ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ

# ਅਲਾਇੰਸ ਕਲੱਬਜ਼ ਇੰਟਰਨੈਸ਼ਨਲ ਦੀਆਂ ਕਲੱਬਾਂ ਵਲੋਂ ਅਧਿਆਪਕ ਦਿਵਸ ਮੌਕੇ ਅਧਿਆਪਕਾਂ ਦਾ ਕੀਤਾ ਗਿਆ ਵਿਸ਼ੇਸ਼ ਸਨਮਾਨ

ਸ੍ਰੀ ਅਨੰਦਪੁਰ ਸਾਹਿਬ, 6 ਸਤੰਬਰ (ਦਵਿੰਦਰਪਾਲ ਸਿੰਘ): ਅਧਿਆਪਕ ਦਿਵਸ ਮੌਕੇ ਅਲਾਇੰਸ ਕਲੱਬ ਸ੍ਰੀ ਅਨੰਦਪੁਰ ਸਾਹਿਬ ਅਤੇ ਅਲਾਇੰਸ ਕਲੱਬ ਚੱਕ ਅਗੰਮਪੁਰ ਵਲੋਂ ਸਾਂਝੇ ਤੋਰ ਤੇ ਭਾਰਤ ਦੇ ਦੂਜੇ ਰਾਸ਼ਟਰਪਤੀ ਡਾਕਟਰ ਸਰਵਪੱਲੀ ਰਾਧਾ ਕ੍ਰਿਸ਼ਨਨ ਨੂੰ ਯਾਦ ਕਰਦੇ ਹੋਏ ਸਿੱਖਿਆ ਦੇ ਖੇਤਰ ਵਿਚ ਮੱਲਾਂ ਮਾਰਨ ਵਾਲੇ ਇਲਾਕੇ ਦੇ 7 ਪ੍ਰਮੁੱਖ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ।

ਸਥਾਨਕ ਇਕ ਹੋਟਲ ਵਿਖੇ ਕਰਵਾਏ ਗਏ ਸੰਖੇਪ ਸਮਾਗਮ ਮੌਕੇ ਵਿਸ਼ੇਸ਼ ਤੋਰ ਤੇ ਪਹੁੰਚੇ ਡਾ. ਹਰਦਿਆਲ ਸਿੰਘ ਪੰਨੂ (ਸਾਬਕਾ ਗਵਰਨਰ ਅਲਾਇੰਸ ਕਲੱਬ ਇੰਟਰਨੈਸ਼ਨਲ), ਪ੍ਰੋਫ਼ੈਸਰ ਹਰਦੀਪ ਸਿੰਘ ਅਤੇ ਪਿ੍ਰੰਸੀਪਲ ਨਿਰੰਜਣ ਸਿੰਘ ਰਾਣਾ ਨੇ ਕਿਹਾ ਕਿ ਅਧਿਆਪਕ ਸਹੀ ਮਾਅਨਿਆਂ ਵਿੱਚ ਸਮਾਜ ਦੇ ਨਿਰਮਾਤਾ ਹਨ ਅਤੇ ਇਨ੍ਹਾਂ ਦਾ ਸਨਮਾਨ ਸਮੁੱਚੀ ਕੌਮ ਦਾ ਸਨਮਾਨ ਹੈ। ਕਿਉਕਿ ਇਨ੍ਹਾਂ ਤੋਂ ਵਿੱਦਿਆ ਹਾਸਲ ਕਰਕੇ ਹੀ ਹਰੇਕ ਵਿਅਕਤੀ ਕੋਈ ਨਾ ਕੋਈ ਪ੍ਰਾਪਤੀ ਕਰ ਰਿਹਾ ਹੈ। ਇਸ ਤੋਂ ਪਹਿਲਾਂ ਅਲਾਇੰਸ ਕਲੱਬ ਸ੍ਰੀ ਅਨੰਦਪੁਰ ਸਾਹਿਬ ਦੇ




ਪ੍ਰਧਾਨ ਦਵਿੰਦਰਪਾਲ ਸਿੰਘ ਅਤੇ ਅਲਾਇੰਸ ਕਲੱਬ ਚੱਕ ਅਗੰਮਪੁਰ ਦੇ ਪ੍ਰਧਾਨ ਇਕਬਾਲ ਸਿੰਘ ਨੇ ਜਿਥੇ ਸਾਰੀਆਂ ਸ਼ਖ਼ਸੀਅਤਾਂ ਨੂੰ ਜੀ ਆਇਆਂ ਕਿਹਾ ਉਥੇ ਹੀ ਸਿੱਖਿਆ ਦੇ ਖੇਤਰ ਵਿਚ ਪ੍ਰਾਪਤੀਆਂ ਕਰਨ ਵਾਲੇ ਅਧਿਆਪਕਾਂ ਨੂੰ ਮੁਬਾਰਕਬਾਦ ਵੀ ਦਿੱਤੀ। ਅੱਜ ਦੇ ਇਸ ਸਮਾਗਮ ਦੌਰਾਨ ਪ੍ਰੋਫੈਸਰ ਹਰਦੀਪ ਸਿੰਘ, ਪ੍ਰਿੰਸੀਪਲ ਨਿਰੰਜਨ ਸਿੰਘ ਰਾਣਾ, ਪ੍ਰਿੰਸੀਪਲ ਇਕਬਾਲ ਸਿੰਘ, ਮਾਸਟਰ ਸੰਜੀਵ ਧਰਮਾਣੀ, ਮਾਸਟਰ ਬੱਲਮ ਸਿੰਘ, ਮਾਸਟਰ ਬਲੀ ਸਿੰਘ ਅਤੇ ਮਾਸਟਰ ਹਰੀਸ਼ ਰਾਜਨ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸੁਖਵਿੰਦਰ ਸਿੰਘ ਬਿੱਟੂ, ਮਹਿੰਦਰਮੋਹਨ ਸਿੰਘ, ਗੁਰਪ੍ਰੀਤਮ ਸਿੰਘ, ਅਵਤਾਰ ਸਿੰਘ, ਅਮਰਜੀਤ ਸਿੰਘ, ਆਤਮਾ ਸਿੰਘ ਘੱਟੀਵਾਲ, ਜਸਦੀਪ ਸਿੰਘ ਧਾਰੀਵਾਲ, ਗੁਰਨਾਮ ਸਿੰਘ, ਬਲਵਿੰਦਰ ਸਿੰਘ, ਡਾ.ਆਤਮਾ ਸਿੰਘ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਪੰਜਾਬ ਸਰਕਾਰ ਵੱਲੋਂ ਸਕੂਲ ਦੀ ਨੁਹਾਰ ਬਦਲਣ ਵਾਲੀ ਤਜਰਬੇਕਾਰ ਮਿਹਨਤਕਸ਼ ਪ੍ਰਿੰਸੀਪਲ ਸ੍ਰੀਮਤੀ ਪੁਨੀਤ ਪੁਰੀ ਜੀ ਨੂੰ ਦਿੱਤਾ ਗਿਆ ਸਟੇਟ ਟੀਚਰ ਅਵਾਰਡ

ਅੰਮ੍ਰਿਤਸਰ (ਲੋਕ ਬਾਣੀ)) ਪੰਜਾਬ ਸਰਕਾਰ ਵੱਲੋ ਅਧਿਆਪਕ ਦਿਵਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਜੀ ਵੱਲੋ ਪ੍ਰਿੰਸੀਪਲ ਸ੍ਰੀਮਤੀ ਪੁਨੀਤ ਪੁਰੀ ਜੀ ਨੂੰ ਅਧਿਆਪਕ ਰਾਜ ਪੁਰਸਕਾਰ ਦਿੱਤਾ ਗਿਆ ॥

ਸ੍ਰੀਮਤੀ ਪੁਨੀਤ ਪੁਰੀ ਜੀ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਨੂਰਪੁਰ ਲੁਬਾਣਾ ਜੀ ਨੇ ਐਮ. ਏ (ਅੰਗਰੇਜ਼ੀ ਅਤੇ ਪੰਜਾਬੀ) ਡੀ.ਏ.ਵੀ ਕਾਲਜ ਜਲੰਧਰ ਤੋਂ ਕੀਤੀ ॥ ਉਹਨਾਂ ਨੇ ਆਪਣੀ ਬੀ.ਐਡ ਅਤੇ ਐਮ.ਐਡ ਦੀ ਡਿਗਰੀ ਸਰਕਾਰੀ ਕਾਲਜ ਆਫ ਐਜੂਕੇਸਨ ਤੋਂ 1994 ਚ ਪਾਸ ਕੀਤੀ॥ ਆਪਣੀ ਪੂਰੀ ਪੜਾਈ ਦੇ ਦੌਰਾਨ ਹੀ ਉਹ ਗੋਲ਼ਡ ਮੈਡਲਿਸਟ ਰਹੇ ॥ ਸਰਕਾਰੀ ਨੌਕਰੀ ਚ ਆਉਣ ਤੋਂ ਪਹਿਲਾਂ ਉਹਨਾਂ ਨੇ ਹਿੰਦੂ ਕੰਨਿਆਂ ਕਾਲਜ ਕਪੂਰਥਲਾ ਅਤੇ ਐਮ.ਜੀ.ਐਸ. ਐਮ ਜਨਤਾ ਕਾਲਜ ਕਰਤਾਰਪੁਰ ਵਿਖੇ ਬਤੌਰ ਅੰਗਰੇਜ਼ੀ ਲੈਕਚਰਾਰ ਆਪਣੀਆਂ ਸੇਵਾਵਾਂ ਨਿਭਾਈਆਂ॥

ਸਾਲ 1996 ਚ ਉਹ ਡਾਈਟ ਸ਼ੇਖੂਪੁਰ (ਕਪੂਰਥਲਾ ) ਵਿਖੇ ਡਾਇਰੈਕਟ ਅੰਗਰੇਜ਼ੀ ਲੈਕਚਰਾਰ ਨਿਯੁਕਤ ਹੋਏ ॥

ਸਾਲ 1998 ਚ ਉਹਨਾਂ ਦਾ ਤਬਾਦਲਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰਤਾਰਪੁਰ ਵਿਖੇ ਹੋਇਆ ॥ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰਤਾਰਪੁਰ ਚ ਉਹਨਾਂ ਨੇ ਦਸੰਬਰ 2017 ਤੱਕ ਬਤੌਰ ਅੰਗਰੇਜ਼ੀ ਲੈਕਚਰਾਰ ਸੇਵਾਵਾਂ ਨਿਭਾਈਆਂ ॥



26 ਦਸੰਬਰ 2017 ਨੂੰ ਉਹ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਲੁਬਾਣਾ ਵਿਖੇ ਬਤੌਰ ਪ੍ਰਿੰਸੀਪਲ ਨਿਯੁਕਤ ਹੋਏ ਅਤੇ ਜਿੱਥੇ ਹੁਣ ਤੱਕ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ॥

ਵਿਦਿਅਕ ਖੇਤਰ ਚ ਵਧੀਆ ਕਾਰਗੁਜ਼ਾਰੀ ਕਾਰਨ ਉਹਨਾਂ ਨੂੰ 29 ਮਈ 2017 ਚ ਮਾਲਤੀ ਗਿਆਨਪੀਠ ਪੁਰਸਕਾਰ ਮਾਨਯੋਗ ਰਾਸ਼ਟਰਪਤੀ ਪ੍ਰਣਬ ਮੁਖਰਜੀ ਜੀ ਵੱਲੋ ਪ੍ਰਾਪਤ ਹੋਇਆ ॥

ਵਿਦਿਅਕ ਖੇਤਰ ਚ ਉਹਨਾ ਵੱਲੋ ਪਾਏ ਗਏ ਵਡਮੁੱਲੇ ਯੋਗਦਾਨ ਬਦੌਲਤ ਉਹਨਾਂ ਨੂੰ ਮੁੱਖ ਮੰਤਰੀ ਪੰਜਾਬ ਵੱਲੋਂ ਬੈਸਟ ਐਡਮਿਨਸਟਰੇਟਿਵ ਅਵਾਰਡ ਦਿੱਤਾ ਗਿਆ ॥

ਸਿੱਖਿਆ ਦੇ ਹਰ ਖੇਤਰ ਚ ਉਹਨਾਂ ਵੱਲੋ ਪਾਏ ਗਏ ਵਡਮੁੱਲੇ ਯੋਗਦਾਨ ਬਦੌਲਤ ਉਹਨਾਂ ਨੂੰ ਸਿੱਖਿਆ ਵਿਭਾਗ ਵੱਲੋਂ ਸਮੇਂ ਸਮੇਂ ਤੇ ਪ੍ਰਸੰਸਾਂ ਪੱਤਰ ਦੇ ਕਿ ਨਿਵਾਜਿਆ ਗਿਆ ॥

ਪਿੰਡ ਦੇ ਪਤਵੰਤੇ ਸੱਜਣ ,©♣9 ਅਤੇ ਆਈ.ਟੀ.ਸੀ ਕੰਪਨੀ ਦੇ ਸਹਿਯੋਗ ਸਦਕਾ 80 ਲੱਖ ਤੋ ਵੱਧ ਦੀ ਰਾਸ਼ੀ ਖਰਚ ਕਿ ਸਕੂਲ ਦੀ ਨੁਹਾਰ ਬਦਲ ਦਿੱਤੀ ਗਈ ॥

ਸਕੂਲ ਵਿੱਚ ਬੱਚਿਆਂ ਦੇ ਸਰਵਪੱਖੀ ਵਿਕਾਸ ਮੁੱਖ ਰੱਖਦੇ ਹੋਏ ਭਾਰਤ ਸਰਕਾਰ ਵੱਲੋ ਪਿੰਡ ਦੀ ਪੰਚਾਇਤ ਨੂੰ ਬਾਲ ਹਿਤੈਸ਼ੀ ਗ੍ਰਾਮ ਪੰਚਾਇਤ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ॥

ਡਾਕਟਰ ਪ੍ਰਗਵਾਨ ਡੰਗਵਾਲ ਜੀ ਨੇ ਆਪਣੀ ਪ੍ਰਸਿੱਧ ਕਿਤਾਬ ' women steer community Development ਚ ਭਾਰਤ ਦੀਆਂ 11 ਪ੍ਰਸਿੱਧ ਸ਼ਕਤੀਸਾਲੀ ਔਰਤਾਂ ਦਾ ਜ਼ਿਕਰ ਉਹਨਾਂ ਚ ਇਕ ਨਾਮ ਪ੍ਰਿੰਸੀਪਲ ਪੁਨੀਤ ਪੁਰੀ ਜੀ ਦਾ ਵੀ ਹੈ॥

# ਨੈਸ਼ਨਲ ਨਿਉਟ੍ਰੀਸ਼ਨ ਵੀਕ ਦੌਰਾਨ ਕਰਵਾਇਆ ਜਿਲਾ ਪੱਧਰੀ ਸਮਾਗਮ



ਅੰਮ੍ਰਿਤਸਰ(ਲੋਕ ਬਾਣੀ))ਸਿਹਤ ਵਿਭਾਗ ਵਲੋਂ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਜੀ ਦੀ ਪ੍ਰਧਾਨਗੀ ਹੇਠ ਸ਼ੈਟੇਲਾਈਟ ਹਸਪਤਾਲ ਰਣਜੀਤ ਐਵੀਨਿਓ ਵਿੱਖੇ ਕੌਮੀ ਖੁਰਾਕ ਹਫਤੇ ਦੌਰਾਨ ਜਿਲਾ ਪੱਧਰੀ ਸਮਾਗਮ ਕਰਵਾਇਆ ਗਿਆ।ਇਸ ਮੌਕੇ ਤੇ ਸੰਬੋਧਨ ਕਰਦਿਆ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਨੇ ਕਿਹਾ ਕਿ ਮਾਂ ਬੱਚੇ ਦੀ ਸਿਹਤ ਸੰਭਾਲ ਲਈ ਚੰਗੀ ਖੁਰਾਕ ਦਾ ਹੋਣਾ ਬਹੁਤ ਜਰੂਰੀ ਹੈ। ਗਰਭ ਦੇ ਦੋਰਾਨ ਮਾਂ ਨੂੰ ਸਤੂਲਿਤ ਭੋਜਨ, ਮੋਸਮੀ ਫਲ, ਹਰੇ ਪਤੇ ਵਲੀ ਸਬਜੀਆਂ ਅਤੇ ਹਾਈ ਪ੍ਰੋਟੀਨ ਡਾਇਟ ਲੈਣੀ ਚਾਹਿਦੀ ਹੈ।ਇਸ ਤੋਂ ਇਲਾਵਾ ਜਨਣੀ ਸ਼ਿਸ਼ੂ ਸੁਰਖਿਆ ਕਾਰਿਆਕ੍ਰਮ ਅਧੀਨ ਜਣੇਪੇ ਸਮੇ ਮੁਫਤ ਖੁਰਾਕ, ਵਿਟਾਮਿਨ ਏ, ਆਇਰਨ ਫੋਲੀਕ ਟੈਬਲੇਟ ਆਦੀ ਮੁਫਤ ਸਹੁਲਤਾ ਦਾ ਲਾਭ ਲੈਣ ਲਈ ਲੋਕਾ ਨੂੰ ਪ੍ਰੇਤਿ ਕੀਤਾ।

ਇਸ ਮੋਕੇ ਤੇ ਜਿਲ੍ਹਾ ਟੀਕਾਕਰਨ ਅਫਸਰ ਡਾ ਭਾਰਤੀ ਧਵਨ ਨੇ ਕਿਹਾ ਕਿ ਚੰਗੀ ਖੁਰਾਕ ਅਤੇ ਸੰਤੁਲਿਤ ਅਹਾਰ ਰਾਹੀ ਬਹੁਤ ਸਾਰੀ ਬਿਮਾਰੀਆ ਤੋ ਮਾਂ ਤੇ ਬੱਚੇ ਨੂੰ ਸੁਰਖਿਅਤ ਕੀਤਾ ਜਾ ਸਕਦਾ ਹੈ। ਜਣੇਪੇ ਤੋ ਬਾਦ ਬੱਚੇ ਨੂੰ ਤੂੰਰਤ ਮਾਂ ਦਾ ਦੁੱਧ ਪਿਲਾਉਣਾ ਚਾਹੀਦਾ ਹੈ।ਇਸ ਵਿੱਚ ਬੱਚੇ ਦੇ ਸਪੂੰਰਨ ਵਿਕਾਸ ਲਈ ਸਾਰੇ ਤੱਤ ਮੋਜੂਦ ਹੁੰਦੇ ਹਨ।

ਜਿਲਾ ਮਾਸ ਮੀਡੀਆ ਅਫਸਰ ਅਮਰਦੀਪ ਸਿੰਘ ਨੇ ਜਾਣਕਾਰੀ ਦਿੰਦੇਆ ਕਿਹਾ ਕਿ ਸਾਨੂੰ ਉਮਰ ਦੇ ਹਿਸਾਬ ਨਾਲ ਖੁਰਾਕ ਲੈਣੀ ਚਾਹਿਦੀ ਹੈ ਅਤੇ ਸੈਰ ਵੀ ਕਰਨੀ ਚਾਹਿਦੀ ਹੈ। ਡਾ ਕੁਲਦੀਪ ਕੋਰ ਨੇ ਆਏ ਹੋਏ ਮਹਿਮਾਨਾ ਦਾ ਸਵਾਗਤ ਕੀਤਾ। ਇਸ ਸਮੇ ਜਿਲਾ ਬੀ.ਸੀ.ਜੀ. ਅਫਸਰ ਡਾ ਮਨਮੀਤ ਕੌਰ, ਡਾ ਸੌਰਵ ਜੌਲੀ, ਸੀਨੀਅਰ ਫਾਰਮੇਸੀ ਅਫਸਰ ਸੰਜੀਵ ਆਨੰਦ ਅਤੇ ਅਰਬਨ ਪ੍ਰਾਇਮਰੀ ਸਿਹਤ ਕੇਦਰ ਰਣਜੀਤ ਐਵੀਨਿਉ ਦਾ ਸਾਰਾ ਸਟਾਫ ਹਾਜਿਰ ਸੀ।

# ਸੀ.ਆਈ.ਏ. ਸਟਾਫ ਦੀ ਟੀਮ ਵੱਲੋਂ 02 ਅਲੱਗ-ਅਲੱਗ ਮੁਕੱਦਮਿਆਂ ਵਿੱਚ 05 ਦੋਸ਼ੀ ਗ੍ਰਿਫਤਾਰ



ਖਰੜ, (ਲੋਕ ਬਾਣੀ) ਸੀਨੀਅਰ ਕਪਤਾਨ ਪੁਲਿਸ, ਜ਼ਿਲ੍ਹਾ ਐਸ.ਏ.ਐਸ. ਨਗਰ, ਸ੍ਰੀ ਦੀਪਕ ਪਾਰਿਕ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਪੁਲਿਸ ਵੱਲੋਂ ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿਮ ਦੌਰਾਨ ਸ਼੍ਰੀਮਤੀ ਡਾ. ਜੋਤੀ ਯਾਦਵ, ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਅਤੇ ਤਲਵਿੰਦਰ ਸਿੰਘ ਉੱਪ ਕਤਪਾਨ ਪੁਲਿਸ (ਇੰਨਵੈਸਟੀਗੇਸ਼ਨ) ਦੀ ਨਿਗਰਾਨੀ ਹੇਠ ਇੰਸਪੈਕਟਰ ਹਰਮਿੰਦਰ ਸਿੰਘ, ਇੰਚਾਰਜ, ਸੀ.ਆਈ.ਏ. ਸਟਾਫ ਮੋਹਾਲ਼ੀ ਕੈਂਪ ਐਟ ਖਰੜ੍ਹ ਦੀ ਟੀਮ ਵੱਲੋਂ 02 ਅਲੱਗ-ਅਲੱਗ ਮੁਕੱਦਮਿਆਂ ਵਿੱਚ 05 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ, ਉਹਨਾਂ ਪਾਸੋਂ 110 ਗ੍ਰਾਮ ਹੈਰੋਇਨ ਅਤੇ 02 ਕਾਰਾਂ ਬ੍ਰਾਮਦ ਕਰਾਉਣ ਵਿੱਚ ਸਫਲਤਾ ਹਾਸਿਲ ਕੀਤੀ ਹੈ।

ਡਾ. ਜੋਤੀ ਯਾਦਵ, ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਨੇ ਜਾਣਕਾਰੀ ਦਿੰਦੇ ਦੱਸਿਆ ਕਿ ਮਿਤੀ 03-09-2024 ਨੂੰ ਸੀ.ਆਈ.ਏ. ਸਟਾਫ ਦੀ ਪੁਲਿਸ ਪਾਰਟੀ ਨੇੜੇ ਅੰਬੇਦਕਰ ਲੇਬਰ ਯੂਨੀਅਨ ਪੰਜਾਬ, ਖਰੜ ਵਿਖੇ ਨਾਕਾਬੰਦੀ ਤੇ ਮੌਜੂਦ ਸੀ। ਚੈਕਿੰਗ ਦੌਰਾਨ ਇੱਕ ਕਾਰ ਨੰ: ♦265-27-4108 ਮਾਰਕਾ ਵਰਨਾ, ਰੰਗ ਕਾਲ਼ਾ ਜਿਸ ਵਿੱਚ ਦੋ ਮੋਨੇ ਨੌਜਵਾਨ ਸਵਾਰ ਸਨ, ਨੂੰ ਰੋਕ ਕੇ ਚੈੱਕ ਕੀਤਾ ਗਿਆ, ਜਿਸ ਵਿੱਚੋਂ 30 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਨਿਮਨ ਲਿਖਤ ਦੋਸ਼ੀਆਂ ਵਿਰੁੱਧ ਮੁਕੱਦਮਾ ਨੰ: 307 ਮਿਤੀ 03-09-2024 ਅ/ਧ 21-61-85 NDPS Act ਥਾਣਾ ਸਿਟੀ ਖਰੜ ਦਰਜ ਰਜਿਸਟਰ ਕੀਤਾ ਗਿਆ। ਦੋਸ਼ੀ ਪੁਲਿਸ ਰਿਮਾਂਡ ਅਧੀਨ ਹਨ।

ਇਸੇ ਤਰਾਂ ਮਿਤੀ 05-09-2024 ਨੂੰ ਸੀ.ਆਈ.ਏ. ਸਟਾਫ ਦੀ ਪੁਲਿਸ ਪਾਰਟੀ ਮੇਨ ਮਾਰਕੀਟ ਗੁਰੂ ਤੇਗ ਬਹਾਦਰ ਨਗਰ ਖਰੜ ਵਿਖੇ ਨਾਕਾਬੰਦੀ ਤੇ ਮੌਜੂਦ ਸੀ। ਨਾਕਾਬੰਦੀ ਤੇ ਚੈਕਿੰਗ ਦੌਰਾਨ ਇੱਕ ਗੱਡੀ ਨੰ: PBBI-17-4832 ਮਾਰਕਾ ਸਵਿਫਟ ਰੰਗ ਚਿੱਟਾ ਜਿਸ ਵਿੱਚ ਤਿੰਨ ਨੌਜਵਾਨ ਸਵਾਰ ਸਨ, ਨੂੰ ਰੋਕ ਕੇ ਚੈੱਕ ਕੀਤਾ, ਜਿਸ ਵਿੱਚੋਂ 80 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਨਿਮਨ ਲਿਖਤ ਦੋਸ਼ੀਆਂ ਵਿਰੁੱਧ ਮੁਕੱਦਮਾ ਨੰ: 309 ਮਿਤੀ 05-09-2024 ਅ/ਧ 21/29-61-85 NDPS Act ਥਾਣਾ ਸਿਟੀ ਖਰੜ ਦਰਜ ਰਜਿਸਟਰ ਕੀਤਾ ਗਿਆ। ਦੋਸ਼ੀਆਂ ਨੂੰ ਪੇਸ਼ ਅਦਾਲਤ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ।

# ਰੋਟਰੀ ਕਲੱਬ ਮਲੇਰਕੋਟਲਾ ਮਿਡਟਾਊਨ ਨੇ ਅਧਿਆਪਕ ਦਿਵਸ ਮਨਾਇਆ



ਮਲੇਰਕੋਟਲਾ,(ਲੋਕ ਬਾਣੀ)। ਰੋਟਰੀ ਕਲੱਬ ਮਲੇਰਕੋਟਲਾ ਮਿਡਟਾਊਨ ਵੱਲੋਂ ਪ੍ਰਧਾਨ ਮਹਿੰਦਰ ਸਿੰਘ ਪੁਰਥੀ ਦੀ ਅਗਵਾਈ ਹੇਠ ਸਥਾਨਕ ਡੀ ਏ ਵੀ ਪਬਲਿਕ ਸਕੂਲ ਵਿਖੇ ਅਧਿਆਪਕ ਦਿਵਸ ਮਨਾਇਆ ਗਿਆ। ਜਿਸ ਦੌਰਾਨ ਕਲੱਬ ਵੱਲੋਂ 31 ਅਧਿਆਪਕਾਂ ਨੂੰ ਅਧਿਆਪਨ ਖੇਤਰ ਵਿੱਚ ਨਿਭਾਈ ਜਾ ਰਹੀਆਂ ਬਿਹਤਰੀਨ ਸੇਵਾਵਾਂ ਸਦਕਾ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁਹੰਮਦ ਇਰਫਾਨ ਪ੍ਰਿੰਸੀਪਲ ਬੀ ਐਡ ਕਾਲਜ ਮਲੇਰਕੋਟਲਾ ਵਿਸ਼ੇਸ਼ ਤੌਰ ਤੇ ਪਹੁੰਚੇ। ਸਮਾਗਮ ਨੂੰ ਸੰਬੋਧਨ ਕਰਦਿਆਂ ਸ ਪੁਰਥੀ ਨੇ ਕਿਹਾ ਕਿ ਅਧਿਆਪਕ ਦੇਸ਼ ਦੇ ਉੱਜਵਲ ਭਵਿੱਖ ਦਾ ਨਿਰਮਾਣ ਕਰਦੇ ਹਨ। ਉਹਨਾਂ ਕਿਹਾ ਕਿ ਮਾਪਿਆਂ ਤੋਂ ਬਾਅਦ ਅਧਿਆਪਕ ਹੀ ਹੁੰਦੇ ਹਨ ਜੋਂ ਬੱਚਿਆਂ ਦਾ ਭਵਿੱਖ ਸੰਵਾਰਨ ਲਈ ਹਰ ਸੰਭਵ ਉਪਰਾਲਾ ਕਰਦੇ ਹਨ। ਸਕੂਲ ਦੇ ਪ੍ਰਿੰਸੀਪਲ ਸ੍ਰੀ ਭੁਪਿੰਦਰ ਸ਼ਰਮਾ ਨੇ ਕਲੱਬ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਪੇ ਬੱਚਿਆਂ ਨੂੰ ਜਨਮ ਦਿੰਦੇ ਹਨ ਪਰ ਅਧਿਆਪਕ ਬੱਚਿਆਂ ਨੂੰ ਸਹੀ ਜਿੰਦਗੀ ਜਿਊਣ ਦਾ ਰਸਤਾ ਦਿਖਾਉਂਦੇ ਹਨ।ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਅਧਿਆਪਕ ਦਿਵਸ ਨੂੰ ਸਮਰਪਿਤ ਰੰਗਾ ਰੰਗ ਪ੍ਰੋਗਰਾਮ ਵੀ ਪੇਸ਼ ਕੀਤੇ ਗਏ। ਕਲੱਬ ਦੇ ਸਕੱਤਰ ਸ਼੍ਰੀ ਅਭੇ ਗੁਪਤਾ ਨੇ ਸਟੇਜ ਦੀ ਕਾਰਵਾਈ ਨੂੰ ਬਾਖੂਬੀ ਸੰਭਾਲਿਆ। ਸਮਾਗਮ ਦੌਰਾਨ ਕਲੱਬ ਵੱਲੋਂ ਸਕੂਲ ਦੇ ਪ੍ਰਿੰਸੀਪਲ ਸ੍ਰੀ ਭੁਪਿੰਦਰ ਸ਼ਰਮਾ ਸਮੇਤ ਸਕੂਲ ਦੇ 28 ਅਧਿਆਪਕਾਂ ਤੋਂ ਇਲਾਵਾ ਅਧਿਆਪਕ ਸ਼੍ਰੀ ਕੰਚਨ ਜੈਨ, ਮਹਿਕ ਸਿੰਗਲਾ ਅਤੇ ਹਰਲੀਨ ਕੌਰ ਨੂੰ ਸਨਮਾਨ ਚਿੰਨ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਰੋਟਰੀ ਮੈਂਬਰ ਹੰਸਰਾਜ ਜੁੜੇਜਾ, ਸੁਖਪਾਲ ਗਰਗ, ਮਦਨ ਮੋਹਨ, ਪਾਰਸ ਜੈਨ, ਭੂਪੇਸ਼ ਜੈਨ ਰਵਿੰਦਰ ਸਿੰਗਲਾ, ਅਮਨ ਗੋਇਲ, ਸਚਿਨ ਬੰਸਲ, ਨਵਨੀਤ ਵਰਮਾ ਤੋਂ ਇਲਾਵਾ ਇੰਦਰਜੀਤ ਕੌਰ ਪੁਰਥੀ, ਆਭਾ ਜਿੰਦਲ, ਊਸ਼ਾ ਗਰਗ, ਕੰਚਨ ਜੈਨ, ਡਾਕਟਰ ਮਹਿਕ ਜੈਨ, ਸ੍ਰੀਮਤੀ ਸੁਸ਼ਮਾ ਸੋਰੀ, ਸ਼ੀਲਾ ਕਥੂਰੀਆ, ਸੁਜਾਤਾ ਸ਼ਰਮਾ, ਸੁਸ਼ਮਾ ਗੋਗੀਆ ਅਤੇ ਹੋਰ ਸਟਾਫ ਹਾਜ਼ਰ ਸੀ।

# 10 ਸਤੰਬਰ ਦੀ ਮੁੱਖ ਮੰਤਰੀ ਨਾਲ ਮੀਟਿੰਗ ਵਿੱਚ ਸਾਰਥਕ ਸਿੱਟੇ ਨਾ ਨਿਕਲੇ ਤਾਂ ਪੈਨਸ਼ਨਰਜ਼ ਕਰਨਗੇ ਤਿੱਖਾ ਸੰਘਰਸ਼-ਕਾਲੜਾ



ਸ੍ਰੀ ਮਾਛੀਵਾੜਾ ਸਾਹਿਬ-(ਲੋਕ ਬਾਣੀ)— ਪੰਜਾਬ ਰਾਜ ਪੈਨਸ਼ਨਰਜ਼ ਮਹਾਸੰਘ ਇਕਾਈ ਮਾਛੀਵਾੜਾ ਸਾਹਿਬ ਦੀ ਮਾਸਿਕ ਮੀਟਿੰਗ ਰਾਮ ਸਿੰਘ ਕਾਲੜਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਭਾਗ ਲਿਆ। ਮੀਟਿੰਗ ਦੇ ਸ਼ੁਰੂ ਵਿੱਚ ਸਾਥੀ ਲਾਲ ਸਿੰਘ ਸਹਿਜੋ ਮਾਜਰਾ ਦੀ ਸੁਪਤਨੀ ਦੀ ਅਕਾਲ ਚਲਾਣਾ ਕਰ ਜਾਣ ਤੇ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ। ਸਕੱਤਰ ਤਰਲੋਚਨ ਸਿੰਘ ਨੇ ਮੀਟਿੰਗ ਦਾ ਏਜੰਡਾ ਦੱਸ ਕੇ ਸਰਕਾਰ ਦੇ ਰਵੱਈਏ ਦੀ ਨਿਖੇਧੀ ਕਰਦਿਆਂ ਪੈਨਸ਼ਰਜ ਵਲੋਂ ਸੰਘਰਸ਼ਾਂ ਵਿਚ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ ਤੇ ਇਸ ਸ਼ੰਘਰਸ਼ ਵਿੱਚ ਘਰ ਬੈਠੇ ਪੈਨਸ਼ਨਰ ਤੇ ਮੁਲਾਜ਼ਮਾਂ ਨੂੰ ਸੰਘਰਸ਼ ਦਾ ਹਿੱਸਾ ਬਣਨ ਲਈ ਪ੍ਰੇਰਿਤ ਕਰਨ ਲਈ ਕਿਹਾ। ਸਾਥੀ ਗੁਰਮੀਤ ਸਿੰਘ, ਅਮੋਲਕ ਸਿੰਘ, ਸਰਵਣ ਕੁਮਾਰ ਤੇ ਸੁਰਿੰਦਰ ਸਿੰਘ ਗਿੱਲ ਨੇ ਅਧਿਆਪਕ ਦਿਵਸ ਤੇ ਆਪਣੀਆਂ ਮੰਗਾਂ ਪ੍ਰਤੀ ਮੁਜਾਹਰਾ ਕਰਦੇ ਅਧਿਆਪਕਾਂ ਤੇ ਲਾਠੀ ਚਾਰਜ ਦੀ ਨਿੰਦਾ ਕੀਤੀ। ਕਾਲੜਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ਼ੈਸ਼ਨ ਦੌਰਾਨ ਵਿਰੋਧੀ ਪਾਰਟੀਆਂ ਵੱਲੋਂ ਮੁਲਾਜ਼ਮਾਂ /ਪੈਨਸ਼ਨਰਾਂ ਦੇ ਹੱਕ ਵਿੱਚ ਉਠਾਈ ਆਵਾਜ਼ ਨੂੰ ਵੀ ਅਣਗੋਲਿਆ ਕੀਤਾ ਗਿਆ। ਉਨ੍ਹਾਂ ਨੇ ਪੁਰ ਅਮਨ ਮੁਜਾਹਰਾ /ਰੈਲੀ ਕਰ ਰਹੇ ਆਗੂਆਂ 'ਤੇ ਯੂ ਟੀ ਪ੍ਰਸ਼ਾਸਨ ਵਲੋਂ ਕੇਸ ਦਰਜ ਕਰਨ ਦੀ ਨਿਖੇਧੀ ਕਰਦੇ ਹੋਏ ਮੰਗ ਕੀਤੀ ਕਿ ਉਹ ਕੇਸ ਵਾਪਿਸ ਲਏ ਜਾਣ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਮੁੱਖ ਮੰਤਰੀ ਸਾਹਿਬ ਸਮਾਂ ਗੁਆਏ ਬਿਨ੍ਹਾ ਮੀਟਿੰਗ ਦੌਰਾਨ ਪੈਨਸ਼ਨਰਜ਼ ਦੀ ਪੈਨਸ਼ਨ ਸੁਧਾਈ 2.59ਦੇ ਫੈਕਟਰ ਨਾਲ ਕਰਨ, 1.1.2016ਤੋਂ 30.06.2021ਤੱਕ ਬਣਦੇ ਬਕਾਏ, ਡੀ ਏ ਦੀਆਂ ਤਿੰਨ ਕਿਸ਼ਤਾਂ ਦੇਣ ਅਤੇ ਹੋਰ ਮੰਨੀਆਂ ਹੋਈਆਂ ਮੰਗਾਂ ਦਾ ਐਲਾਨ ਕਰਨ ਤਾਂ ਜੋ ਪੈਨਸ਼ਨਰ ਆਪਣਾ ਜੀਵਨ ਠੀਕ ਢੰਗ ਨਾਲ ਬਸਰ ਕਰ ਸਕਣ। ਉਨ੍ਹਾਂ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਅੱਠਵੀਂ ਵਾਰ ਵੀ ਮੁੱਖ ਮੰਤਰੀ ਸਾਹਿਬ ਨੇ ਮੀਟਿੰਗ ਵਿੱਚ ਮੰਗਾਂ ਦਾ ਹੱਲ ਨਾ ਕੱਢਿਆ ਤਾਂ ਪੰਜਾਬ ਗੌਰਮਿੰਟ ਪੈਨਸ਼ਨਰਜ਼ ਫਰੰਟ ਦੇ ਵਲੋਂ ਉਲੀਕੇ 18ਸਤੰਬਰ ਦੇ ਜਿਲਾ ਪੱਧਰੀ ਤੇ 22ਅਕਤੂਬਰ,2024 ਦੀ ਸੂਬਾ ਪੱਧਰੀ ਰੈਲੀ ਕਰਕੇ ਸਰਕਾਰ ਦਾ ਪਿੱਟ ਸਿਆਪਾ ਕਰਨਗੇ। ਮੀਟਿੰਗ ਵਿੱਚ ਬੁਲਾਰਿਆਂ ਨੇ ਕੋਰਟਾਂ ਵੱਲੋਂ ਦਿੱਤੇ ਫੈਸਲੇ ਜਨਰਲਾਈਜ ਕਰਨ ਦੀ ਮੰਗ ਕੀਤੀ ਗਈ।

ਮੀਟਿੰਗ ਵਿੱਚ ਸਰਕਾਰ ਵਲੋਂ ਪੈਟਰੋਲ ਡੀਜਲ ਦੀਆਂ ਕੀਮਤਾਂ ਵਧਾਉਣ ਤੇ ਮਹਿੰਗਾਈ ਕੰਟਰੋਲ ਨਾ ਕਰਨ ਦੀ ਨਿਖੇਧੀ ਕੀਤੀ ਗਈ। ਆਮ ਪਾਰਟੀ ਦੀ ਸਰਕਾਰ ਆਮ ਲੋਕਾਂ ਦੇ ਜੀਵਨ ਸੁਧਾਰਨ ਦੀ ਬਜਾਏ ਵਿਧਾਇਕਾਂ/ਮੰਤਰੀਆਂ ਦਾ ਜੀਵਨ ਪੱਧਰ ਉੱਚਾ ਚੁੱਕਣ ਤੇ ਲੱਗੀ ਹੋਈ ਹੈ ਇਸ ਮੌਕੇ ਮੀਟਿੰਗ ਵਿੱਚ ਸਾਥੀ ਰਣਜੀਤ ਸਿੰਘ, ਪਰਮਜੀਤ ਸਿੰਘ ਮਾਜਰਾ, ਤਾਰਾ ਸਿੰਘ, ਸੋਹਣ ਲਾਲ, ਧਰਮਪਾਲ, ਨਿਰਮਲ ਸਿੰਘ, ਭਾਰਤ ਭੂਸ਼ਣ, ਹਰਜਿੰਦਰ ਸਿੰਘ, ਹਰਬੰਸ ਲਾਲ, ਸੁਰਜੀਤ ਸਿੰਘ ਮੱਲ੍ਹੀ, ਯਸ਼ਪਾਲ, ਲਾਲ ਸਿੰਘ, ਗੁਰਮੀਤ ਸਿੰਘ, ਗੁਰਜੀਤ ਸਿੰਘ, ਕਰਨੈਲ ਸਿੰਘ, ਸੁੱਚਾ ਸਿੰਘ, ਲਾਭ ਸਿੰਘ, ਹੰਸ ਰਾਜ, ਬਖਸ਼ੀ ਰਾਮ ,ਸੁਰਜੀਤ ਸਿੰਘ, ਮਿਹਰ ਸਿੰਘ ਅਤੇ ਹੋਰ ਵੀ ਪੈਨਸ਼ਨਰ ਮੌਜੂਦ ਸਨ।

# ਐਨ.ਓ.ਸੀ. ਦੀ ਸ਼ਰਤ ਖਤਮ ਹੋਣ ਨਾਲ ਗਰੀਬ ਤੇ ਮੱਧ ਵਰਗੀ ਪਰਿਵਾਰਾਂ ਵਿੱਚ ਖੁਸ਼ੀ ਦੀ ਲਹਿਰ:ਚੇਅਰਮੈਨ ਜਸਪ੍ਰੀਤ ਸਿੰਘ



ਅੰਮ੍ਰਿਤਸਰ (ਲੋਕ ਬਾਣੀ) )ਪੰਜਾਬ ਵਿੱਚ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਇਸ ਉਦੋਂ ਤੋਂ ਹੀ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਈ ਅਜਿਹੇ ਇਤਿਹਾਸਿਕ - ਫੈਸਲੇ ਲਏ ਗਏ ਹਨ ਜਿਨਾਂ - ਨਾਲ ਸਿੱਧੇ ਤੌਰ ਤੇ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਨੂੰ ਲਾਭ ਪਹੁੰਚਿਆ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ੍ਰ ਜਸਪ੍ਰੀਤ ਸਿੰਘ ਨੇ ਪੱਤਰਕਾਰਾਂ ਦੌਰਾਨ ਸਾਂਝਾ ਕੀਤਾ ਉਹਨਾਂ ਕਿਹਾ ਕਿ ਹਾਲ - ਹੀ ਵਿੱਚ ਭਗਵੰਤ ਮਾਨ ਵੱਲੋਂ 500 ਗਜ ਤੱਕ ਦੇ ਪਲਾਟਾਂ ਉੱਪਰ ਐਨ.ਓ.ਸੀ. ਖਤਮ = ਕਰਨ ਦਾ ਲਿਆ ਗਿਆ ਫੈਸਲਾ ਇੱਕ ਇਤਿਹਾਸਿਕ ਕਦਮ ਹੈ ਇਸ ਨਾਲ ਜਿੱਥੇ ਸਿੱਧੇ ਤੌਰ ਤੇ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਨੂੰ ਘਰ ਬਣਾਉਣ ਲਈ ਇੱਕ ਵੱਡੀ ਰਾਹਤ ਮਿਲੇਗੀ, ਉਥੇ ਉਨਾਂ ਦੇ ਸੁਪਨੇ ਸਾਕਾਰ ਹੋਣ ਨਾਲ ਉਹਨਾਂ ਦਾ ਸਰਕਾਰ ਵਿੱਚ ਭਰੋਸਾ ਵਧੇਗਾ ਉਹਨਾਂ ਕਿਹਾ ਕਿ ਇਸ ਤੋਂ ਪਹਿਲਾਂ ਬਿਜਲੀ ਦੇ ਬਿੱਲ ਮਾਫ ਕਰਕੇ ਮੁੱਖ ਮੰਤਰੀ ਪੰਜਾਬ ਨੇ ਸਮੁੱਚੇ ਪੰਜਾਬ ਵਾਸੀਆਂ ਨੂੰ ਇੱਕ ਵੱਡਾ ਆਰਥਿਕ ਲਾਭ ਦਿੱਤਾ ਸੀ ਅਤੇ ਹੁਣ ਇਸੇ ਤਰ੍ਹਾਂ ਇੱਕ ਵਾਰ ਫਿਰ ਉਹਨਾਂ ਨੇ ਗਰੀਬ ਅਤੇ ਲੋੜਵੰਦਾਂ ਦੀ ਬਾਂਹ ਫੜ ਕੇ ਲੋਕਸ਼ਾਹੀ ਨੂੰ ਪਹਿਲ ਦਿੱਤੀ ਹੈ। ਮੁੱਖ ਮੰਤਰੀ ਵੱਲੋਂ ਲਏ ਗਏ ਇਸ ਫੈਸਲੇ ਨਾਲ ਹੁਣ ਪੰਜਾਬ ਵਿੱਚ ਪ੍ਰਾਪਟੀ ਦੇ ਕਾਰੋਬਾਰ ਨਾਲ ਜੁੜੇ ਲੋਕਾਂ ਨੂੰ ਵੀ ਵੱਡਾ ਲਾਭ ਪਹੁੰਚੇਗਾ ਆਮ ਆਦਮੀ ਪਾਰਟੀ ਦੇ ਸਮੂਹ ਵਰਕਰਾਂ ਨੇ ਵੀ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਇਸ ਫੈਸਲੇ ਲਈ ਧੰਨਵਾਦ ਕੀਤਾ।